Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 138 Chief Editor : Chowdhary Prabhjit Singh, Editor : Chhatarpal Singh 98146-32807, Tuesday 17 November 2026 Price : 2 Rs. Page : 6

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਔਨਲਾਈਨ ਜਨਗਣਨਾ ਦੇ ਦੂਜੇ ਪੜਾਅ ਦੀ ਸ਼ੁਰੂਆਤ

ਦੂਜੇ ਪੜਾਅ ਵਿੱਚ ਪਰਿਵਾਰਕ ਮੈਂਬਰਾਂ, ਆਮਦਨ, ਰਿਹਾਇਸ਼ ਅਤੇ ਸਿੱਖਿਆ ਦੇ ਵੇਰਵਿਆਂ ਦੀ ਲੋੜ: ਮਾਨ

ਸੰਗਰੂਰ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਪਣੀ ਅਤੇ ਆਪਣੇ ਪਰਿਵਾਰ ਦੀ ਸਵੈ-ਗਣਨਾ ਪੂਰੀ ਕਰ ਕੇ ਜਨਗਣਨਾ 2027 ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਅਤੇ ਹਰ ਪੰਜਾਬੀ ਨੂੰ ਇਸ ਅਹਿਮ ਕੌਮੀ ਕਾਰਜ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ।

ਲੋਕਾਂ ਨੂੰ 16 ਤੋਂ 30 ਨਵੰਬਰ ਤੱਕ ਆਪਣੀ ਔਨਲਾਈਨ ਸਵੈ-ਗਣਨਾ ਪੂਰੀ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਪਰਿਵਾਰਾਂ, ਪਰਿਵਾਰਕ ਮੈਂਬਰਾਂ, ਆਮਦਨ, ਸਿੱਖਿਆ ਅਤੇ ਰਹਿਣ-ਸਹਿਣ ਦੀਆਂ ਸਥਿਤੀਆਂ ਬਾਰੇ ਸਹੀ ਅੰਕੜੇ ਪੰਜਾਬ ਦੀ ਭਵਿੱਖੀ ਯੋਜਨਾਬੰਦੀ ਅਤੇ ਵਿਕਾਸ ਨੀਤੀਆਂ ਦੀ ਨੀਂਹ ਬਣਨਗੇ। ਲੋਕਾਂ ਨੂੰ ਇਹ ਭਰੋਸਾ ਦਿਵਾਉਂਦਿਆਂ ਕਿ ਇਸ ਲਈ ਕਿਸੇ ਵੀ ਦਸਤਾਵੇਜ਼ ਦੀ ਲੋੜ ਨਹੀਂ ਪਵੇਗੀ ਅਤੇ ਸਾਰੀ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰਹੇਗੀ, ਉਨ੍ਹਾਂ ਪੰਜਾਬੀਆਂ ਨੂੰ ਸਹੀ ਵੇਰਵੇ ਦੇਣ ਅਤੇ ਸੂਬੇ ਦੇ ਵਿਕਾਸ ਦਾ ਖਾਕਾ ਤਿਆਰ ਕਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਅਪੀਲ ਕੀਤੀ।

ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, ਅੱਜ ਅਸੀਂ ਪੰਜਾਬ ਵਿੱਚ ਜਨਗਣਨਾ 2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ



ਪ੍ਰਕਿਰਿਆ ਦੀ ਸ਼ੁਰੂਆਤ ਕੀਤੀ ਹੈ। ਇਹ ਪ੍ਰਕਿਰਿਆ 16 ਤੋਂ 30 ਨਵੰਬਰ ਤੱਕ ਜਾਰੀ ਰਹੇਗੀ, ਜਿਸ ਰਾਹੀਂ ਲੋਕ ਘਰ ਬੈਠੇ ਹੀ ਔਨਲਾਈਨ ਆਪਣੇ ਵੇਰਵੇ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਬਾਅਦ 1 ਦਸੰਬਰ ਤੋਂ 4 ਜਨਵਰੀ ਤੱਕ ਘਰ-ਘਰ ਜਾ ਕੇ ਗਣਨਾ ਕੀਤੀ ਜਾਵੇਗੀ।

ਇਕੱਤਰ ਕੀਤੇ ਗਏ ਇਹ ਅੰਕੜੇ ਸੂਬੇ ਦੀਆਂ ਭਵਿੱਖੀ ਯੋਜਨਾਵਾਂ ਅਤੇ ਵਿਕਾਸ ਨੀਤੀਆਂ ਨੂੰ ਨਵਾਂ ਰੂਪ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਮੈਂ ਸਾਰੇ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਕੌਮੀ ਕਾਰਜ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲੈਣ, ਸਹੀ ਜਾਣਕਾਰੀ ਦੇਣ ਅਤੇ ਸਰਕਾਰ ਨੂੰ ਆਪਣਾ ਸਹਿਯੋਗ ਦੇਣ।

ਮੁੱਖ ਮੰਤਰੀ ਨੇ ਕਿਹਾ ਕਿ 16 ਸਾਲਾਂ ਦੇ ਵਕਫ਼ੇ ਤੋਂ ਬਾਅਦ ਭਾਰਤ ਦੀ ਜਨਗਣਨਾ ਕਰਵਾਈ ਜਾ ਰਹੀ ਹੈ ਅਤੇ ਉਨ੍ਹਾਂ ਨੇ ਇਸ ਵਿਸ਼ਾਲ ਦੇਸ਼-ਵਿਆਪੀ ਮੁਹਿੰਮ ਦਾ ਹਿੱਸਾ ਬਣਨ 'ਤੇ ਤਸੱਲੀ ਪ੍ਰਗਟਾਈ।

ਸਾਰੇ ਜਨਗਣਨਾ ਅਧਿਕਾਰੀਆਂ, ਗਣਨਾਕਾਰਾਂ, ਸੁਪਰਵਾਈਜ਼ਰਾਂ, ਮਾਸਟਰ ਟ੍ਰੇਨਰਾਂ, ਫੀਲਡ ਟ੍ਰੇਨਰਾਂ ਅਤੇ ਸੂਬਾ ਪ੍ਰਸ਼ਾਸਨ ਦੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਲਗਨ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਸਮਰਪਿਤ ਯਤਨਾਂ ਨੇ ਪਹਿਲੇ ਪੜਾਅ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ ਅਤੇ ਇਹ ਯਤਨ ਪੂਰੇ ਕਾਰਜ ਨੂੰ ਸਹੀ ਤੇ ਵਿਆਪਕ ਬਣਾਉਣ ਵਿੱਚ ਸਹਾਈ ਸਿੱਧ ਹੋਣਗੇ।

ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਆਦਰਸ਼ ਅਤੇ ਸ਼ਹਾਦਤ ਸਾਨੂੰ ਦੇਸ਼ ਸੇਵਾ ਲਈ ਪ੍ਰੇਰਿਤ ਕਰਦੇ ਹਨ: ਭਗਵੰਤ ਮਾਨ



ਲੁਧਿਆਣਾ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 111ਵੇਂ 'ਸ਼ਹੀਦੀ ਦਿਵਸ' ਮੌਕੇ ਉਨ੍ਹਾਂ ਦੇ ਜੱਦੀ ਪਿੰਡ ਵਿਖੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਫਾਂਸੀ ਦੇ ਰੱਸੇ ਨੂੰ ਚੁੰਮਣ ਵਾਲੇ ਇਸ 19 ਸਾਲਾ ਇਨਕਲਾਬੀ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਨਿਆਂ, ਬਰਾਬਰੀ , ਮਾਨਵਤਾ ਅਤੇ ਤਰੱਕੀ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਕਰੀਏ। ਸ਼ਹੀਦਾਂ ਦੇ ਸਤਿਕਾਰ ਅਤੇ ਨਵੀਂ ਪੀੜ੍ਹੀ ਨੂੰ ਪੰਜਾਬ ਦੀ ਸ਼ਾਨਦਾਰ ਵਿਰਾਸਤ ਨਾਲ ਜੋੜਨ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇੱਕ ਅਜਿਹਾ ਅਗਾਂਹਵਧੂ ਪੰਜਾਬ ਸਿਰਜਣ ਲਈ ਕੰਮ ਕਰ ਰਹੀ ਹੈ, ਜਿਸ ਦਾ ਸੁਪਨਾ ਸ਼ਹੀਦਾਂ ਨੇ ਦੇਖਿਆ ਸੀ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਨੂੰ ਇੱਕ ਨਵਾਂ 'ਆਮ ਆਦਮੀ ਕਲੀਨਿਕ' ਸਮਰਪਿਤ ਕੀਤਾ ਅਤੇ ਪਿੰਡ ਦੇ ਸਪੋਰਟਸ ਕਲੱਬ ਨੂੰ 51 ਲੱਖ ਰੁਪਏ ਦੀ ਗ੍ਰਾਂਟ ਸੌਂਪੀ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਰਲ-ਮਿਲ ਕੇ ਸ਼ਹੀਦਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਸਿਰਜਣ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਮਹਿਜ਼ 19 ਸਾਲ ਦੀ ਉਮਰ ਵਿੱਚ ਫਾਂਸੀ ਦਾ ਰੱਸਾ ਚੁੰਮ ਲਿਆ ਸੀ, ਜਿਸ ਤੋਂ ਸਾਬਤ ਹੁੰਦਾ ਹੈ ਕਿ ਹਿੰਮਤ, ਦ੍ਰਿੜ੍ਹ ਇਰਾਦੇ ਅਤੇ ਮਾਤ-ਭੂਮੀ ਲਈ ਪਿਆਰ ਦੀ ਕੋਈ ਉਮਰ ਨਹੀਂ ਹੁੰਦੀ। ਜਿਸ ਉਮਰ ਵਿੱਚ ਅੱਜ ਦੇ ਨੌਜਵਾਨ ਆਪਣੇ ਭਵਿੱਖ ਦੀ ਯੋਜਨਾ ਬਣਾ ਰਹੇ ਹੁੰਦੇ ਹਨ, ਉਸ ਉਮਰ ਵਿੱਚ ਇਹ ਮਹਾਨ ਇਨਕਲਾਬੀ ਦੇਸ਼ ਦੀ ਆਜ਼ਾਦੀ ਦੀ ਯੋਜਨਾ ਬਣਾ ਰਹੇ ਸਨ। ਉਨ੍ਹਾਂ ਨੇ ਸਾਡੀ ਆਜ਼ਾਦੀ ਲਈ ਆਪਣੀ ਜਵਾਨੀ, ਆਪਣੇ ਸੁਪਨੇ ਅਤੇ ਅੰਤ ਵਿੱਚ ਆਪਣੀ ਜਾਨ ਕੁਰਬਾਨ ਕਰ ਦਿੱਤੀ। ਅਸੀਂ ਅਜਿਹੇ ਸ਼ਹੀਦਾਂ ਦਾ ਕਰਜ਼ ਕਦੇ ਨਹੀਂ ਉਤਾਰ ਸਕਦੇ, ਪਰ ਪੰਜਾਬ ਅਤੇ ਦੇਸ਼ ਦੀ ਤਰੱਕੀ ਲਈ ਖੁਦ ਨੂੰ ਸਮਰਪਿਤ ਕਰਕੇ ਅਸੀਂ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਜ਼ਰੂਰ ਭੇਟ ਸਕਦੇ ਹਾਂ।

ਮੁੱਖ ਮੰਤਰੀ ਨੇ ਕਿਹਾ, ਸ਼ਹੀਦੀ ਦਿਹਾੜਾ ਸਿਰਫ਼ ਰਸਮੀ ਸਮਾਗਮ ਨਹੀਂ ਹੁੰਦੇ, ਸਗੋਂ ਇਹ ਉਨ੍ਹਾਂ ਜ਼ਿੰਮੇਵਾਰੀਆਂ ਦੀ ਯਾਦ ਦਿਵਾਉਂਦੇ ਹਨ ਜੋ ਹਰ ਪੀੜ੍ਹੀ ਲਈ ਦੇਸ਼ ਪ੍ਰਤੀ ਬਣਦੀਆਂ ਹਨ। ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਮਹਾਨ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਦਾ ਸਦੀਵੀ ਸਰੋਤ ਬਣੀ ਰਹੇਗੀ। ਉਨ੍ਹਾਂ ਨੂੰ ਅਸਲ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਨਿਆਂ, ਸਮਾਨਤਾ, ਮਾਨਵਤਾ ਅਤੇ ਤਰੱਕੀ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਕਰੀਏ।

ਮੁੱਖ ਮੰਤਰੀ ਨੇ ਕਿਹਾ ਕਿ ਗਰਮੀ ਦੇ ਬਾਵਜੂਦ ਲੋਕਾਂ, ਖਾਸ ਕਰਕੇ ਮਾਵਾਂ ਅਤੇ ਭੈਣਾਂ ਦੀ ਭਾਗੀ ਸ਼ਮੂਲੀਅਤ, ਇਸ ਮਹਾਨ ਇਨਕਲਾਬੀ ਪ੍ਰਤੀ ਉਨ੍ਹਾਂ ਦੇ ਡੂੰਘੇ ਪਿਆਰ ਅਤੇ ਸਤਿਕਾਰ ਨੂੰ ਦਰਸਾਉਂਦੀ ਹੈ। ਇਸ ਮਹਾਨ ਸ਼ਹੀਦ ਦੇ ਪ੍ਰੇਰਨਾਦਾਇਕ ਸਫ਼ਰ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਵਿੱਚ ਆਪਣੀ ਮੁੱਢਲੀ ਸਿੱਖਿਆ ਪੂਰੀ ਕਰਨ ਤੋਂ ਬਾਅਦ, ਸ਼ਹੀਦ ਕਰਤਾਰ ਸਿੰਘ ਸਰਾਭਾ ਅਮਰੀਕਾ ਗਏ ਅਤੇ ਉੱਥੇ ਯੂਨੀਵਰਸਿਟੀ ਆਫ਼ ਕੈਲੀਫੋਰਨੀਆ, ਬਰਕਲੇ ਵਿਖੇ ਪੜ੍ਹਾਈ ਕੀਤੀ। ਹਾਲਾਂਕਿ, ਨਿੱਜੀ ਸੁੱਖ-ਸਹੂਲਤਾਂ ਅਤੇ ਸੁਰੱਖਿਅਤ ਭਵਿੱਖ ਦੀ ਭਾਲ ਕਰਨ ਦੀ ਬਜਾਏ, ਉਨ੍ਹਾਂ ਨੇ ਲਾਲਾ ਹਰਦਿਆਲ, ਬਾਬਾ ਜਵਾਲਾ ਸਿੰਘ, ਬਾਬਾ ਵਸਾਖਾ ਸਿੰਘ ਅਤੇ ਬਾਬਾ ਸੋਹਣ ਸਿੰਘ ਭਕਨਾ ਵਰਗੇ ਇਨਕਲਾਬੀ ਦੇਸ਼ ਭਗਤਾਂ ਦੇ ਸੰਪਰਕ ਵਿੱਚ ਆਉਣ ਤੋਂ ਬਾਅਦ ਖੁਦ ਨੂੰ ਆਜ਼ਾਦੀ ਸੰਗਰਾਮ ਲਈ ਸਮਰਪਿਤ ਕਰ ਦਿੱਤਾ।

ਉਨ੍ਹਾਂ ਅੱਗੇ ਕਿਹਾ, 16 ਨਵੰਬਰ 1915 ਨੂੰ ਪਹਿਲੇ ਲਾਹੌਰ ਸਾਜ਼ਿਸ਼ ਮੁਕੱਦਮੇ ਤਹਿਤ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਛੇ ਹੋਰ ਇਨਕਲਾਬੀਆਂ ਸਮੇਤ ਲਾਹੌਰ ਕੇਂਦਰੀ ਜੇਲ੍ਹ ਵਿੱਚ ਫਾਂਸੀ ਦੇ ਦਿੱਤੀ ਗਈ ਸੀ। ਦੇਸ਼ ਦੀ ਆਜ਼ਾਦੀ ਪ੍ਰਤੀ ਉਨ੍ਹਾਂ ਦੀ ਦ੍ਰਿੜ੍ਹਤਾ, ਦੇਸ਼ ਭਗਤੀ ਅਤੇ ਨਿਰਸਵਾਰਥ ਸੇਵਾ ਦੀ ਇੱਕ ਸ਼ਾਨਦਾਰ ਮਿਸਾਲ ਹੈ। ਦੇਸ਼ ਦੀ ਸੇਵਾ ਕਰਨ ਲਈ ਸਿਰਫ਼ ਵੱਡੇ-ਵੱਡੇ ਭਾਸ਼ਣਾਂ ਦੀ ਨਹੀਂ, ਸਗੋਂ ਹਿੰਮਤ, ਕੁਰਬਾਨੀ ਅਤੇ ਦ੍ਰਿੜ੍ਹ ਇਰਾਦੇ ਦੀ ਲੋੜ ਹੁੰਦੀ ਹੈ।

ਸ਼ਹੀਦ-ਏ-ਆਜ਼ਮ ਭਗਤ ਸਿੰਘ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਪ੍ਰਤੀ ਦਿਖਾਏ ਗਏ ਡੂੰਘੇ ਸਤਿਕਾਰ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਉਨ੍ਹਾਂ ਦੀ ਤਸਵੀਰ ਆਪਣੀ ਜੇਬ ਵਿੱਚ ਰੱਖਦੇ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਤਾਕਤਵਰ ਹਾਕਮ ਅਤੇ ਸਾਮਰਾਜ ਅੰਤ ਵਿੱਚ ਇਤਿਹਾਸ ਦੇ ਪੰਨਿਆਂ ਵਿੱਚ ਗੁਆਚ ਜਾਂਦੇ ਹਨ, ਪਰ ਜੋ ਲੋਕ ਸੱਚਾਈ ਅਤੇ ਮਨੁੱਖਤਾ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੰਦੇ ਹਨ, ਉਹ ਲੋਕਾਂ ਦੇ ਦਿਲਾਂ ਵਿੱਚ ਹਮੇਸ਼ਾ ਜ਼ਿੰਦਾ ਰਹਿੰਦੇ ਹਨ।

ਸਾਡੀ ਸਰਕਾਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ 'ਤੇ ਛੁੱਟੀ ਦਾ ਐਲਾਨ ਕੀਤਾ ਹੈ ਤਾਂ ਜੋ ਬੱਚੇ, ਵਿਦਿਆਰਥੀ ਅਤੇ ਹਰ ਵਰਗ ਦੇ ਲੋਕ ਧਰਤੀ ਦੇ ਇਸ ਮਹਾਨ ਸਪੂਤ ਬਾਰੇ ਜਾਣ ਸਕਣ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਸਕਣ।

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਮੁੜ ਖੋਲ੍ਹਿਆ ਜਾਵੇ ਲਾਂਘਾ: ਮੁੱਖ ਮੰਤਰੀ ਮਾਨ ਦੀ ਪ੍ਰਧਾਨ ਮੰਤਰੀ ਨੂੰ ਅਪੀਲ

ਚੰਡੀਗੜ੍ਹ 16 ਨਵੰਬਰ
-ਛਤਰਪਾਲ ਸਿੰਘ-

ਪੰਜਾਬ ਵਿੱਚ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ 'ਤੇ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਦੀ ਮੰਗ ਇੱਕ ਵਾਰ ਫਿਰ ਉੱਠੀ ਹੈ। ਇਹ ਮੰਗ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰ ਸਰਕਾਰ ਅੱਗੇ ਰੱਖੀ ਗਈ ਹੈ। ਮੁੱਖ ਮੰਤਰੀ ਨੇ ਸੋਸ਼ਲ ਮੀਡੀਆ ਉੱਤੇ ਇੱਕ ਪੋਸਟ ਸਾਂਝੀ ਕਰਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਿਆ ਜਾਵੇ, ਤਾਂ ਜੋ ਸ਼ਰਧਾਲੂ ਗੁਰਧਾਮ ਦੇ ਦਰਸ਼ਨ ਕਰ ਸਕਣ। ਆਪਣੀ ਪੋਸਟ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਹਰ ਰੋਜ਼ ਅਰਦਾਸ ਕਰਦੀ ਹੈ ਕਿ ਉਨ੍ਹਾਂ ਨੂੰ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਬਖ਼ਸ਼ੇ ਜਾਣ। \

ਬੀਬੀ ਕੌਰ ਦੀ 'ਘਰ ਵਾਪਸੀ': ਸੁਖਬੀਰ ਬਾਦਲ ਨੇ ਹਲਕਾ ਭੁਲੱਥ ਦਾ ਇੰਚਾਰਜ ਥਾਪਿਆ

ਭੁਲੱਥ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਅੱਜ ਸ਼੍ਰੋਮਣੀ ਅਕਾਲੀ ਦਲ ਵਿੱਚ ਮੁੜ ਸ਼ਮੂਲੀਅਤ ਕਰ ਲਈ ਹੈ। ਹਲਕਾ ਭੁਲੱਥ ਦੇ ਕਸਬੇ ਬੇਗੋਵਾਲ ਸਥਿਤ ਡੇਰਾ ਸੰਤ ਪ੍ਰੇਮ ਸਿੰਘ ਵਿਖੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੀਬੀ ਜਗੀਰ ਕੌਰ ਨੂੰ ਪਾਰਟੀ ਵਿੱਚ ਮੁੜ ਸ਼ਾਮਲ ਕੀਤਾ। ਘਰ ਵਾਪਸੀ ਉਪਰੰਤ ਉਨ੍ਹਾਂ ਨੂੰ ਹਲਕਾ ਭੁਲੱਥ ਦਾ ਇੰਚਾਰਜ ਬਣਾਇਆ ਗਿਆ।

ਬੀਬੀ ਜਗੀਰ ਕੌਰ ਪਿਛਲੇ ਕੁਝ ਸਮੇਂ ਤੋਂ ਪਾਰਟੀ ਦੀ ਅਗਵਾਈ ਨੂੰ ਲੈ ਕੇ ਸੁਖਬੀਰ ਬਾਦਲ ਨਾਲ ਚੱਲ ਰਹੇ ਮੱਤਭੇਦਾਂ ਕਾਰਨ ਬਾਗ਼ੀ ਧੜੇ ਸ਼੍ਰੋਮਣੀ ਅਕਾਲੀ ਦਲ 'ਪੁਨਰ ਸੁਰਜੀਤ' ਨਾਲ ਚੱਲ ਰਹੇ ਸਨ। ਹਾਲਾਂਕਿ, ਹੁਣ ਸੁਖਬੀਰ ਬਾਦਲ ਵੱਲੋਂ ਬੀਬੀ ਜਗੀਰ ਕੌਰ ਦੀ ਕਰਵਾਈ ਗਈ ਇਸ ਵਾਪਸੀ ਨੂੰ ਦੁਆਬਾ ਖੇਤਰ ਦੀ ਸਿਆਸਤ ਵਿੱਚ ਕਾਫੀ ਅਹਿਮ ਮੰਨਿਆ ਜਾ ਰਿਹਾ ਹੈ। ਇਸ ਨੂੰ ਪਾਰਟੀ ਪ੍ਰਧਾਨ ਦੀ ਆਪਣੇ ਪੁਰਾਣੇ ਪੰਥਕ ਸਾਥੀਆਂ ਨੂੰ ਮੁੜ ਇਕੱਠਾ ਕਰਨ ਦੀ ਮੁਹਿੰਮ ਵਿੱਚ ਇੱਕ ਵੱਡੀ ਸਫ਼ਲਤਾ ਵਜੋਂ ਵੀ ਦੇਖਿਆ ਜਾ ਰਿਹਾ ਹੈ।

ਸਮਾਗਮ ਦੌਰਾਨ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਸੁਖਬੀਰ ਸਿੰਘ ਬਾਦਲ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਇੱਕ ਦੂਰਅੰਦੇਸ਼ ਨੇਤਾ ਦੱਸਿਆ। ਉਨ੍ਹਾਂ ਨੇ ਹਰਸਿਮਰਤ ਕੌਰ ਬਾਦਲ ਨੂੰ ਆਪਣੀ ਭੈਣ ਦੱਸਦਿਆਂ ਉਨ੍ਹਾਂ ਵੱਲੋਂ ਚਲਾਈ ਗਈ 'ਨੰਨ੍ਹੀ ਛਾਂ' ਮੁਹਿੰਮ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸੁਖਬੀਰ ਬਾਦਲ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਨੂੰ ਉੱਜੜਨ ਤੋਂ ਬਚਾਉਣ ਲਈ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਲਿਆਉਣ ਦੀ ਅਪੀਲ ਕੀਤੀ।

ਜਿਸ ਤੋਂ ਸਾਫ ਨਜ਼ਰ ਆਉਂਦਾ ਹੈ ਕਿ ਭਵਿੱਖ ਵਿਚ ਆ ਰਹੀਆਂ ਵਿਧਾਨ ਸਭਾ ਚੋਣਾਂ ਅੰਦਰ ਆਪਣੇ ਬਲਬੂਤੇ 'ਤੇ ਸਰਕਾਰ ਬਣਾ ਕੇ ਲੋਕਾਂ ਦੀ ਸੇਵਾ ਕਰੇਗੀ।

ਜਿਹ ਬਾਦਲ ਨੇ ਕਿਹਾ ਕਿ ਪੰਜਾਬ ਦਾ ਹਰ ਖੇਤਰ ਵਿੱਚ ਵਿਕਾਸ ਸਿਰਫ਼ ਅਕਾਲੀ ਦਲ ਦੀਆਂ ਸਰਕਾਰ

ਸੰਪਾਦਕੀ

ਲੋਕ ਰਾਜ ਦੀ ਪੈੜ

ਭਾਰਤ ਵਿੱਚ ਪ੍ਰਚੂਨ ਮਹਿੰਗਾਈ ਦਾ ਦੋ ਸਾਲਾਂ ਦੇ ਸਭ ਤੋਂ ਉੱਚੇ ਪੱਧਰ 'ਤੇ

ਇਸ ਸਮੇਂ ਭਾਰਤ ਵਿੱਚ ਪ੍ਰਚੂਨ ਮਹਿੰਗਾਈ ਦਾ ਦੋ ਸਾਲਾਂ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚਣਾ ਆਮ ਲੋਕਾਂ ਦੀ ਖ਼ਰੀਦ ਸ਼ਕਤੀ ਕਮਜ਼ੋਰ ਹੋਣ ਅਤੇ ਘਰੇਲੂ ਬਜਟ 'ਤੇ ਪੈ ਰਹੇ ਭਾਰ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ। ਖਪਤਕਾਰ ਮੁੱਲ ਸੂਚਕ ਅੰਕ (ਸੀ ਪੀ ਆਈ) ਮੁਤਾਬਿਕ ਪਿਛਲੇ ਮਹੀਨੇ ਮਹਿੰਗਾਈ ਦਰ 6.09 ਫ਼ੀਸਦੀ ਰਹੀ, ਜਿਸ ਨਾਲ ਇਹ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਦੀ 6 ਫ਼ੀਸਦੀ ਦੀ ਉੱਪਰਲੀ ਸਹਿਣਯੋਗਤਾ ਹੱਦ ਨੂੰ ਪਾਰ ਕਰ ਗਈ ਹੈ। ਅਕਤੂਬਰ ਵਿੱਚ ਕੇਂਦਰੀ ਬੈਂਕ ਵੱਲੋਂ ਨੀਤੀਗਤ ਰੈਪੋ ਦਰ ਨੂੰ ਵਧਾ ਕੇ 5.5 ਫ਼ੀਸਦੀ ਕਰਨ ਤੋਂ ਬਾਅਦ, ਅਗਲੇ ਮਹੀਨੇ ਦੇ ਸ਼ੁਰੂ ਵਿੱਚ ਹੋਣ ਵਾਲੀ ਮੁਦਰਾ ਨੀਤੀ ਕਮੇਟੀ (ਐੱਮ ਪੀ ਸੀ) ਦੀ ਮੀਟਿੰਗ ਵਿੱਚ ਵਿਆਜ ਦਰਾਂ ਵਿੱਚ ਇੱਕ ਹੋਰ ਵਾਧਾ ਦੇਖਣ ਨੂੰ ਮਿਲ ਸਕਦਾ ਹੈ। ਇਸ ਨਾਲ ਲੋਕਾਂ ਦੇ ਕਰਜ਼ਿਆਂ ਦੀਆਂ ਮਾਸਿਕ ਕਿਸ਼ਤਾਂ ਲੰਮੇ ਸਮੇਂ ਤੱਕ ਉੱਚੀਆਂ ਬਣੀਆਂ ਰਹਿਣ ਦੀ ਸੰਭਾਵਨਾ ਹੈ। ਖਾਣ-ਪੀਣ ਦੀਆਂ ਵਸਤੂਆਂ, ਜੋ ਕਿ ਮੁੱਲ ਸੂਚਕ ਅੰਕ ਦਾ ਲਗਪਗ 40 ਫ਼ੀਸਦੀ ਹਿੱਸਾ ਬਣਦੀਆਂ ਹਨ, ਇਸ ਮਹਿੰਗਾਈ ਵਿੱਚ ਮੁੱਖ ਭੂਮਿਕਾ ਨਿਭਾ ਰਹੀਆਂ ਹਨ। ਸਬਜ਼ੀਆਂ, ਦਾਲਾਂ ਅਤੇ ਕਰਿਆਨੇ ਦਾ ਸਾਮਾਨ ਸਭ ਕੁਝ ਮਹਿੰਗਾ ਹੋ ਗਿਆ ਹੈ ਜਦੋਂਕਿ ਇਸ ਦੇ ਨਾਲ ਹੀ ਅਨਾਜ, ਤੇਲ ਬੀਜ ਅਤੇ ਖੰਡ ਦੀਆਂ ਕੀਮਤਾਂ 'ਤੇ ਵੀ ਲਗਾਤਾਰ ਦਬਾਅ ਬਣਿਆ ਹੋਇਆ ਹੈ। ਅਕਤੂਬਰ ਵਿੱਚ ਖਾਣ-ਪੀਣ ਦੀ ਮਹਿੰਗਾਈ ਦਰ ਵਧ ਕੇ 8.94 ਫ਼ੀਸਦੀ ਤੱਕ ਪਹੁੰਚ ਗਈ। ਹਾਲਾਤ ਦੱਸਦੇ ਹਨ ਕਿ ਆਉਣ ਵਾਲਾ ਸਮਾਂ ਯਾਨੀ ਸਰਦੀਆਂ ਦਾ ਮੌਸਮ ਆਮ ਲੋਕਾਂ ਲਈ ਕਾਫ਼ੀ ਔਖਾ ਰਹਿਣ ਵਾਲਾ ਹੈ। ਘਰੇਲੂ ਮਹਿੰਗਾਈ ਦਰ ਲਗਾਤਾਰ 12ਵੇਂ ਮਹੀਨੇ ਵਧੀ ਹੈ। ਖਾਣ-ਪੀਣ ਤੋਂ ਇਲਾਵਾ ਇਸ ਵਾਧੇ ਵਿੱਚ ਆਵਾਜਾਈ, ਕੱਪੜਿਆਂ, ਰਿਹਾਇਸ਼ ਅਤੇ ਖਾਣ-ਪੀਣ ਦੀਆਂ ਰੈਸਤਰਾਂ ਆਦਿ ਸੇਵਾਵਾਂ ਦੀ ਮੁੱਖ ਭੂਮਿਕਾ ਰਹੀ ਹੈ। ਤੇਲ ਦੀਆਂ ਕੀਮਤਾਂ ਵਿੱਚ ਹਾਲ ਹੀ ਵਿੱਚ ਆਈ ਗਿਰਾਵਟ ਨੇ ਭਾਵੇਂ ਕੁਝ ਰਾਹਤ ਦਿੱਤੀ ਹੋਵੇ, ਪਰ ਮਹਿੰਗਾਈ ਦਾ ਦਬਾਅ ਉੱਚਾ ਹੀ ਬਣਿਆ ਰਹਿਣ ਦੀ ਸੰਭਾਵਨਾ ਹੈ। ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਮੁੱਖ ਮਹਿੰਗਾਈ ਦਰ (ਹੈੱਡਲਾਈਨ ਇਨਫਲੇਸ਼ਨ) ਨੇ ਅਜੇ ਆਪਣੇ ਸਿਖਰ 'ਤੇ ਪਹੁੰਚਣਾ ਹੈ, ਜੋ ਕਿ ਘੱਟ ਅਤੇ ਬੇਤਰਤੀਬੇ ਮੌਨਸੂਨ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਆਲਮੀ ਪੱਧਰ 'ਤੇ ਖਾਣ-ਪੀਣ ਦੀਆਂ ਵਸਤਾਂ ਦੀਆਂ ਵਧਦੀਆਂ ਕੀਮਤਾਂ ਨੇ ਘਰੇਲੂ ਬਾਜ਼ਾਰ 'ਤੇ ਦਬਾਅ ਹੋਰ ਵਧਾ ਦਿੱਤਾ ਹੈ। ਭਾਵੇਂ ਸਮੁੱਚੀ ਆਰਥਿਕ ਤਸਵੀਰ ਸਥਿਰ ਨਜ਼ਰ ਆ ਰਹੀ ਹੈ ਪਰ ਇਹ ਇੱਕ ਗੰਭੀਰ ਸਥਿਤੀ ਹੈ ਕਿਉਂਕਿ ਵਿੱਤੀ ਸਾਲ 2026-27 ਦੀ ਦੂਜੀ ਤਿਮਾਹੀ ਵਿੱਚ ਜੀ ਡੀ ਪੀ ਦੀ ਵਾਧਾ ਦਰ 7.7 ਫ਼ੀਸਦੀ ਰਹਿਣ ਦੀ ਉਮੀਦ ਹੈ। ਇੱਕ ਆਮ ਖਪਤਕਾਰ ਲਈ ਵਧ ਰਹੀ ਮਹਿੰਗਾਈ ਦੇ ਮਾਅਨੇ ਜ਼ਰੂਰੀ ਵਸਤਾਂ ਦੀ ਖ਼ਰੀਦ ਵਿੱਚ ਕਟੌਤੀ ਕਰਨਾ ਹੋ ਸਕਦੇ ਹਨ। ਇਹ ਸਥਿਤੀ ਕੀਮਤਾਂ ਨੂੰ ਸਥਿਰ ਕਰਨ ਦੀ ਲੋੜ ਨੂੰ ਹੋਰ ਵੀ ਫ਼ੌਰੀ ਬਣਾ ਦਿੰਦੀ ਹੈ। ਬਦਲਦੇ ਹਾਲਾਤ 'ਤੇ ਨਜ਼ਰ ਰੱਖਣ ਅਤੇ ਲੋਕਾਂ ਦਾ ਬੋਝ ਘਟਾਉਣ ਲਈ ਸੰਕਟਕਾਲੀ ਉਪਾਅ ਕਰਨ ਦੀ ਤਿਆਰੀ ਦੇ ਨਾਲ-ਨਾਲ ਸਰਕਾਰ ਲਈ ਇਹ ਵੀ ਬਹੁਤ ਜ਼ਰੂਰੀ ਹੈ ਕਿ ਉਹ ਜਨਤਾ ਨਾਲ ਰਾਬਤਾ ਕਾਇਮ ਰੱਖੇ।

-ਛੱਤਰਪਾਲ ਸਿੰਘ

ਸ਼ਅ
Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਵਿਸ਼ੇਸ਼ ਵਿਚਾਰ ਲੇਖ । ਪੱਤਰਕਾਰੀ, ਸਮਾਜ ਅਤੇ ਲੋਕਤੰਤਰੀ ਸੰਸਥਾ ਦੀ ਹੋਂਦ ਬਾਰ

ਅਖ਼ਬਾਰ ਦੀ ਹੋਂਦ ਨੂੰ ਸਿਰਫ਼ ਸੰਪਾਦਕੀ, ਲੇਖਾਂ, ਖ਼ਬਰਾਂ, ਇਸ਼ਤਿਹਾਰਾਂ ਜਾਂ ਛਪੇ ਹੋਏ ਕਾਗਜ਼ ਦੇ ਕੁਝ ਪੰਨਿਆਂ ਤੱਕ ਸੀਮਤ ਕਰਕੇ ਨਹੀਂ ਵੇਖਿਆ ਜਾ ਸਕਦਾ। ਅਸਲ ਵਿੱਚ ਅਖ਼ਬਾਰ ਇੱਕ ਅਜਿਹੀ ਸਮਾਜਿਕ, ਲੋਕਤੰਤਰੀ, ਸੱਭਿਆਚਾਰਕ ਅਤੇ ਜਾਣਕਾਰੀ ਸੰਸਥਾ ਹੈ, ਜਿਸ ਦਾ ਵਜੂਦ ਕਿਸੇ ਇੱਕ ਵਿਅਕਤੀ, ਅਹੁਦੇ, ਮਾਲਕ, ਸੰਪਾਦਕ ਜਾਂ ਪੱਤਰਕਾਰ ਨਾਲੋਂ ਕਿਤੇ ਵੱਡਾ ਹੁੰਦਾ ਹੈ। ਇਹ ਸਮਾਜ ਦੀ ਯਾਦਦਾਸ਼ਤ ਹੈ, ਲੋਕਾਂ ਦੇ ਹੱਕਾਂ ਦਾ ਰਖਵਾਲਾ ਹੈ, ਸਰਕਾਰੀ ਕੰਮਕਾਜ ਦਾ ਲੇਖਾ-ਜੋਖਾ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਅੱਜ ਦੇ ਸਮੇਂ ਦੀ ਗਵਾਹੀ ਹੈ।

ਅਖ਼ਬਾਰ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਇਹ ਸਮਝਣਾ ਜ਼ਰੂਰੀ ਹੈ ਕਿ ਇਸ ਦਾ ਮੂਲ ਮਕਸਦ ਸਿਰਫ਼ ਖ਼ਬਰ ਛਾਪਣਾ ਨਹੀਂ, ਸਗੋਂ ਸਮਾਜ ਤੱਕ ਪ੍ਰਮਾਣਿਕ ਜਾਣਕਾਰੀ ਪਹੁੰਚਾਉਣਾ, ਲੋਕਾਂ ਨੂੰ ਜਾਗਰੂਕ ਕਰਨਾ ਅਤੇ ਜਨਤਕ ਮਾਮਲਿਆਂ ਵਿੱਚ ਜਵਾਬਦੇਹੀ ਦਾ ਮਾਹੌਲ ਕਾਇਮ ਰੱਖਣਾ ਹੈ।

ਅਖ਼ਬਾਰ ਕੋਈ ਕਾਰੋਬਾਰੀ ਪਰਚਾ ਨਹੀਂ, ਇੱਕ ਜਨਤਕ ਸੰਸਥਾ ਹੈ: ਅਖ਼ਬਾਰ ਦਾ ਆਪਣਾ ਇੱਕ ਸੁਤੰਤਰ ਸਮਾਜਿਕ ਵਜੂਦ ਹੁੰਦਾ ਹੈ। ਇਸ ਦਾ ਜਨਮ ਕਿਸੇ ਕਾਰੋਬਾਰੀ ਲਾਭ ਦੀ ਗਿਣਤੀ ਨਾਲ ਹੀ ਨਹੀਂ ਹੁੰਦਾ, ਸਗੋਂ ਸਮਾਜ ਵਿੱਚ ਜਾਣਕਾਰੀ ਦੀ ਲੋੜ, ਵਿਚਾਰਾਂ ਦੇ ਆਦਾਨ-ਪ੍ਰਦਾਨ ਅਤੇ ਲੋਕਤੰਤਰੀ ਚੇਤਨਾ ਦੀ ਮੰਗ ਵਿੱਚੋਂ ਹੁੰਦਾ ਹੈ।

ਭਾਰਤ ਦੇ ਸੰਵਿਧਾਨ ਦੀ ਧਾਰਾ 19(1)(ਏ) ਹਰ ਨਾਗਰਿਕ ਨੂੰ ਬੋਲਣ ਅਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਦਿੰਦੀ ਹੈ। ਭਾਵੇਂ ਸੰਵਿਧਾਨ ਵਿੱਚ ਪ੍ਰੈੱਸ ਦੀ ਆਜ਼ਾਦੀ ਲਈ ਵੱਖਰੀ ਧਾਰਾ ਨਹੀਂ ਬਣਾਈ ਗਈ, ਪਰ ਸੁਪਰੀਮ ਕੋਰਟ ਨੇ ਇਸ ਨੂੰ ਬੋਲਣ ਅਤੇ ਵਿਚਾਰ ਪ੍ਰਗਟਾਉਣ ਦੇ ਮੌਲਿਕ ਹੱਕ ਦਾ ਅਟੁੱਟ ਹਿੱਸਾ ਮੰਨਿਆ ਹੈ। ਇਸ ਆਜ਼ਾਦੀ ਦਾ ਅਰਥ ਸਿਰਫ਼ ਛਾਪਣ ਦੀ ਖੁੱਲ੍ਹ ਨਹੀਂ, ਸਗੋਂ ਜਾਣਕਾਰੀ ਇਕੱਠੀ ਕਰਨ, ਉਸ ਦੀ ਪੜਤਾਲ ਕਰਨ ਅਤੇ ਲੋਕਾਂ ਤੱਕ ਪਹੁੰਚਾਉਣ ਦੀ ਸਮਰੱਥਾ ਵੀ ਹੈ।

ਪਰ ਇਹ ਆਜ਼ਾਦੀ ਬੇਲਗਾਮ ਨਹੀਂ। ਸੰਵਿਧਾਨ ਦੀ ਧਾਰਾ 19(2) ਅਧੀਨ ਕਾਨੂੰਨ ਵੱਲੋਂ ਨਿਰਧਾਰਤ ਵਾਜਬ ਪਾਬੰਦੀਆਂ ਵੀ ਲਾਗੂ ਹੁੰਦੀਆਂ ਹਨ। ਇਸ ਲਈ ਅਖ਼ਬਾਰ ਦੀ ਤਾਕਤ ਉਸ ਦੀ ਬੇਰੋਕ ਆਵਾਜ਼ ਵਿੱਚ ਨਹੀਂ, ਸਗੋਂ ਜ਼ਿੰਮੇਵਾਰ ਅਤੇ ਤੱਥਾਂ ਉੱਤੇ ਆਧਾਰਿਤ ਆਵਾਜ਼ ਵਿੱਚ ਹੈ।

ਅਖ਼ਬਾਰ ਦੇ ਵਜੂਦ ਦੇ ਅਸਲ ਤੱਤ: ਅਖ਼ਬਾਰ ਸਿਰਫ਼ ਉਸ ਦੇ ਮੁੱਖ ਪੰਨੇ ਦਾ ਨਾਂ ਨਹੀਂ। ਇਸ ਦੇ ਪਿੱਛੇ ਇੱਕ ਪੂਰਾ ਕਾਰਜ-ਢਾਂਚਾ ਕੰਮ ਕਰਦਾ ਹੈ। ਮਾਲਕੀ, ਪ੍ਰਕਾਸ਼ਕ, ਸੰਪਾਦਕੀ ਵਿਭਾਗ, ਪੱਤਰਕਾਰ, ਜ਼ਿਲ੍ਹਾ ਅਤੇ ਤਹਿਸੀਲ ਪੱਧਰ ਦੇ ਨੁਮਾਇੰਦੇ, ਖ਼ਬਰਾਂ ਦੇ ਸਰੋਤ, ਫੋਟੋਗ੍ਰਾਫ਼ਰ, ਡਿਜ਼ਾਇਨਰ, ਛਪਾਈ ਕਰਮਚਾਰੀ, ਵੰਡ ਪ੍ਰਬੰਧਕ, ਇਸ਼ਤਿਹਾਰ ਵਿਭਾਗ ਅਤੇ ਪਾਠਕ—ਇਹ ਸਾਰੇ ਇਸ ਦੇ ਵਜੂਦ ਦੇ ਅਹਿਮ ਅੰਗ ਹਨ।

ਕਿਸੇ ਵੀ ਅਖ਼ਬਾਰ ਦੀ ਪਛਾਣ ਉਸ ਦੇ ਨਾਂ, ਰਜਿਸਟ੍ਰੇਸ਼ਨ, ਭਾਸ਼ਾ, ਪ੍ਰਕਾਸ਼ਨ ਦੀ ਨਿਯਮਤਤਾ, ਸੰਪਾਦਕੀ ਨੀਤੀ ਅਤੇ ਪਾਠਕਾਂ ਨਾਲ ਬਣੇ ਭਰੋਸੇ ਰਾਹੀਂ ਵਿਕਸਿਤ ਹੁੰਦੀ ਹੈ।

ਇਸ ਦਾ ਅਰਥ ਇਹ ਵੀ ਹੈ ਕਿ ਅਖ਼ਬਾਰ ਦਾ ਵਜੂਦ ਕਿਸੇ ਇੱਕ ਪੱਤਰਕਾਰ ਦੇ ਲਿਖੇ ਹੋਏ ਲੇਖ ਜਾਂ ਕਿਸੇ ਇੱਕ ਸੰਪਾਦਕੀ ਨਾਲ ਨਾ ਤਾਂ ਬਣਦਾ ਹੈ ਅਤੇ ਨਾ ਹੀ ਖ਼ਤਮ ਹੁੰਦਾ ਹੈ। ਇਸ ਦੀ ਪਛਾਣ ਇੱਕ ਨਿਰੰਤਰ ਚੱਲਣ ਵਾਲੀ ਸੰਸਥਾਗਤ ਪ੍ਰਕਿਰਿਆ ਹੈ।

ਕਾਨੂੰਨੀ ਪਛਾਣ ਅਤੇ ਦਸਤਾਵੇਜ਼ੀ ਪ੍ਰਮਾਣਿਕਤਾ: ਅਖ਼ਬਾਰ ਦੇ ਵਜੂਦ ਦਾ ਇੱਕ ਅਹਿਮ ਪੱਖ ਇਸ ਦੀ ਕਾਨੂੰਨੀ ਪਛਾਣ ਹੈ। ਭਾਰਤ ਵਿੱਚ ਅਖ਼ਬਾਰਾਂ ਅਤੇ ਖ਼ਬਰਾਂ ਜਾਂ ਜਨਤਕ ਮਾਮਲਿਆਂ ਬਾਰੇ ਟਿੱਪਣੀਆਂ ਛਾਪਣ ਵਾਲੇ ਨਿਯਮਤ ਪ੍ਰਕਾਸ਼ਨਾਂ ਲਈ Press and Registration of Periodicals Act, 2023 ਲਾਗੂ ਹੈ। ਇਹ ਕਾਨੂੰਨ 1 ਮਾਰਚ 2024 ਤੋਂ ਲਾਗੂ ਹੋਇਆ ਅਤੇ ਇਸ ਨੇ 1867 ਦੇ ਪੁਰਾਣੇ ਕਾਨੂੰਨ ਦੀ ਥਾਂ ਲਈ। ਇਸ ਤਹਿਤ ਪਹਿਲਾਂ ਵਾਲਾ ਰਜਿਸਟਰਾਰ ਆਫ਼ ਨਿਊਜ਼ਪੇਪਰਜ਼ ਫਾਰ ਇੰਡੀਆ (RNI) ਹੁਣ ਪ੍ਰੈੱਸ ਰਜਿਸਟਰਾਰ ਜਨਰਲ ਆਫ਼ ਇੰਡੀਆ (PRGI) ਦੇ ਨਾਂ ਨਾਲ ਜਾਣਿਆ ਜਾਂਦਾ ਹੈ।

ਇਸ ਕਾਨੂੰਨੀ ਢਾਂਚੇ ਅਧੀਨ ਪ੍ਰਕਾਸ਼ਨ ਦੇ ਸਿਰਲੇਖ ਦੀ ਮਨਜ਼ੂਰੀ, ਰਜਿਸਟ੍ਰੇਸ਼ਨ ਸਰਟੀਫਿਕੇਟ, ਮਾਲਕ, ਪ੍ਰਕਾਸ਼ਕ ਅਤੇ ਛਪਾਈ ਪ੍ਰੈੱਸ ਨਾਲ ਸਬੰਧਤ ਵੇਰਵਿਆਂ ਦੀ ਆਪਣੀ ਅਹਿਮੀਅਤ ਹੈ। ਹੁਣ ਇਹ ਪ੍ਰਕਿਰਿਆ ਪ੍ਰੈੱਸ ਸੇਵਾ ਪੋਰਟਲ ਰਾਹੀਂ ਆਨਲਾਈਨ ਚਲਾਈ ਜਾਂਦੀ ਹੈ।

ਪਰ ਇੱਥੇ ਇੱਕ ਗੱਲ ਸਮਝਣ ਵਾਲੀ ਹੈ ਕਿ ਰਜਿਸਟ੍ਰੇਸ਼ਨ ਅਖ਼ਬਾਰ ਦੀ ਕਾਨੂੰਨੀ ਪਛਾਣ ਦਾ ਸਬੂਤ ਹੈ, ਉਸ ਦੀ ਪੱਤਰਕਾਰੀ ਦੀ ਗੁਣਵੱਤਾ ਜਾਂ ਨਿਰਪੱਖਤਾ ਦਾ ਆਪਣੇ ਆਪ ਸਰਟੀਫਿਕੇਟ ਨਹੀਂ। ਕਿਸੇ ਅਖ਼ਬਾਰ ਦੀ ਅਸਲ ਭਰੋਸੇਯੋਗਤਾ ਉਸ ਦੀ ਕਾਰਗੁਜ਼ਾਰੀ, ਤੱਥਾਂ ਦੀ ਪੜਤਾਲ, ਨਿਰਪੱਖਤਾ ਅਤੇ ਲੋਕਾਂ ਦੇ ਭਰੋਸੇ ਨਾਲ ਬਣਦੀ ਹੈ।

ਲੋਕਤੰਤਰ ਵਿੱਚ ਅਖ਼ਬਾਰ ਦੀ ਲੋੜ: ਲੋਕਤੰਤਰ ਸਿਰਫ਼ ਵੋਟ ਪਾਉਣ ਜਾਂ ਸਰਕਾਰ ਚੁਣਨ ਦਾ ਨਾਂ ਨਹੀਂ। ਲੋਕਤੰਤਰ ਦਾ ਅਸਲ ਆਧਾਰ ਜਾਣਕਾਰੀ ਪ੍ਰਾਪਤ ਕਰਨ ਵਾਲਾ ਜਾਗਰੂਕ ਨਾਗਰਿਕ ਹੈ। ਜੇ ਲੋਕਾਂ ਨੂੰ ਸਰਕਾਰੀ ਫ਼ੈਸਲਿਆਂ, ਨੀਤੀਆਂ, ਪ੍ਰਸ਼ਾਸਨਿਕ ਕਾਰਵਾਈਆਂ, ਜਨਤਕ ਖ਼ਰਚਿਆਂ ਅਤੇ ਆਪਣੇ ਹੱਕਾਂ ਬਾਰੇ ਸਹੀ ਜਾਣਕਾਰੀ ਹੀ ਨਾ ਮਿਲੇ ਤਾਂ ਲੋਕਤੰਤਰ ਦੀ ਕਾਰਗੁਜ਼ਾਰੀ ਅਧੂਰੀ ਰਹਿ ਜਾਂਦੀ ਹੈ।

ਇੱਥੇ ਅਖ਼ਬਾਰ ਦੀ ਭੂਮਿਕਾ ਸਾਹਮਣੇ ਆਉਂਦੀ ਹੈ। ਇਹ ਸਰਕਾਰ ਅਤੇ ਜਨਤਾ ਵਿਚਕਾਰ ਜਾਣਕਾਰੀ ਦਾ ਪੁਲ ਬਣਦਾ ਹੈ। ਵਿਧਾਨ ਸਭਾ ਦੀ ਕਾਰਵਾਈ, ਅਦਾਲਤੀ ਫ਼ੈਸਲੇ, ਸਰਕਾਰੀ ਯੋਜਨਾਵਾਂ, ਨਗਰ ਨਿਗਮਾਂ ਦੇ ਮਤੇ, ਪੰਚਾਇਤਾਂ ਦੇ ਫ਼ੈਸਲੇ, ਲੋਕਾਂ ਦੀਆਂ ਸ਼ਿਕਾਇਤਾਂ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਨੂੰ ਜਨਤਕ ਚਰਚਾ ਦਾ ਹਿੱਸਾ ਬਣਾਉਂਦਾ ਹੈ।

ਇੱਕ ਜਾਗਰੂਕ ਅਖ਼ਬਾਰ ਸੱਤਾ ਦੇ ਨੇੜੇ ਰਹਿ ਕੇ ਨਹੀਂ, ਸਗੋਂ ਜਨਤਾ ਦੇ ਹੱਕ ਵਿੱਚ ਖੜ੍ਹ ਕੇ ਆਪਣੀ ਸਾਰਥਕਤਾ ਸਾਬਤ ਕਰਦਾ ਹੈ। ਇਸ ਦੀ ਜ਼ਿੰਮੇਵਾਰੀ ਸਿਰਫ਼ ਸਰਕਾਰ ਦੀ ਆਲੋਚਨਾ ਕਰਨਾ ਨਹੀਂ, ਸਗੋਂ ਚੰਗੇ ਕੰਮਾਂ ਨੂੰ ਸਾਹਮਣੇ ਲਿਆਉਣਾ, ਗ਼ਲਤੀਆਂ ਨੂੰ ਤੱਥਾਂ ਸਮੇਤ ਦਰਸਾਉਣਾ ਅਤੇ ਜਨਤਕ ਹਿੱਤ ਦੇ ਮੁੱਦਿਆਂ ਉੱਤੇ ਜਵਾਬ ਮੰਗਣਾ ਵੀ ਹੈ।

ਖ਼ਬਰਾਂ ਤੋਂ ਅੱਗੇ ਵੀ ਹੈ ਅਖ਼ਬਾਰ ਦਾ ਸੰਸਾਰ: ਅਖ਼ਬਾਰ ਦੀ ਮਹੱਤਤਾ ਨੂੰ ਸਿਰਫ਼ ਸੰਪਾਦਕੀ ਅਤੇ ਲੇਖਾਂ ਨਾਲ ਜੋੜਨਾ ਇਸ ਦੀ ਸਮੁੱਚੀ ਭੂਮਿਕਾ ਨੂੰ ਛੋਟਾ ਕਰਨਾ ਹੈ। ਇਸ ਦੇ ਅੰਦਰ ਕਈ ਅਜਿਹੇ ਵਿਭਾਗ ਅਤੇ ਸਮੱਗਰੀ ਦੇ ਰੂਪ ਹੁੰਦੇ ਹਨ, ਜਿਨ੍ਹਾਂ ਦੀ ਆਪਣੀ ਵੱਖਰੀ ਲੋੜ ਹੈ।

ਸਥਾਨਕ ਖ਼ਬਰਾਂ: ਪਿੰਡਾਂ, ਸ਼ਹਿਰਾਂ, ਵਾਰਡਾਂ ਅਤੇ ਜ਼ਿਲ੍ਹਿਆਂ ਦੇ ਲੋਕਾਂ ਦੀਆਂ ਸਮੱਸਿਆਵਾਂ, ਵਿਕਾਸ ਕਾਰਜਾਂ ਅਤੇ ਜਨਤਕ ਸਰਗਰਮੀਆਂ ਦਾ ਵੇਰਵਾ।

ਸਰਕਾਰੀ ਜਾਣਕਾਰੀਆਂ: ਨੋਟੀਫਿਕੇਸ਼ਨ, ਟੈਂਡਰ, ਭਰਤੀ, ਨਤੀਜੇ, ਜਨਤਕ ਸੂਚਨਾਵਾਂ ਅਤੇ ਸਰਕਾਰੀ ਹੁਕਮਾਂ ਦਾ ਪ੍ਰਕਾਸ਼ਨ।

ਵਪਾਰ ਅਤੇ ਆਰਥਿਕਤਾ: ਮੰਡੀਆਂ, ਕਾਰੋਬਾਰ, ਉਦਯੋਗ, ਰੁਜ਼ਗਾਰ, ਬਾਜ਼ਾਰ ਅਤੇ ਆਰਥਿਕ ਨੀਤੀਆਂ ਨਾਲ ਜੁੜੀ ਜਾਣਕਾਰੀ।

ਸਿੱਖਿਆ ਅਤੇ ਰੁਜ਼ਗਾਰ: ਵਿਦਿਆਰਥੀਆਂ, ਅਧਿਆਪਕਾਂ, ਨੌਕਰੀ ਲੱਭਣ ਵਾਲਿਆਂ ਅਤੇ ਸਿੱਖਿਆ ਸੰਸਥਾਵਾਂ ਨਾਲ ਸਬੰਧਤ ਸਮੱਗਰੀ।

ਖੇਡਾਂ ਅਤੇ ਸਭਿਆਚਾਰ: ਖਿਡਾਰੀਆਂ ਦੀਆਂ ਪ੍ਰਾਪਤੀਆਂ, ਸਾਹਿਤ, ਕਲਾ, ਵਿਰਾਸਤ ਅਤੇ ਸਮਾਜਿਕ ਸਮਾਗਮਾਂ ਦੀ ਜਾਣਕਾਰੀ।

ਤਸਵੀਰਾਂ ਅਤੇ ਦਸਤਾਵੇਜ਼: ਘਟਨਾਵਾਂ ਦੀਆਂ ਤਸਵੀਰਾਂ, ਅਧਿਕਾਰਤ ਦਸਤਾਵੇਜ਼, ਅੰਕੜੇ ਅਤੇ ਮੌਕੇ ਦੀ ਗਵਾਹੀ।

ਇਹ ਸਾਰੇ ਪੱਖ ਮਿਲ ਕੇ ਅਖ਼ਬਾਰ ਨੂੰ ਸਮਾਜ ਦਾ ਜਾਣਕਾਰੀ ਭੰਡਾਰ ਬਣਾਉਂਦੇ ਹਨ। ਇਸ ਲਈ ਕਿਸੇ ਅਖ਼ਬਾਰ ਦੀ ਸਮਾਜਿਕ ਉਪਯੋਗਤਾ ਦਾ ਮੁਲਾਂਕਣ ਕਰਦਿਆਂ ਉਸ ਦੇ ਸਮੁੱਚੇ ਪ੍ਰਕਾਸ਼ਨ ਨੂੰ ਵੇਖਣਾ ਜ਼ਰੂਰੀ ਹੈ।

ਸਥਾਨਕ ਪੱਤਰਕਾਰੀ: ਆਮ ਨਾਗਰਿਕ ਦੀ ਸਭ ਤੋਂ ਨੇੜਲੀ ਆਵਾਜ਼, ਕੌਮੀ ਅਤੇ ਕੌਮਾਂਤਰੀ ਖ਼ਬਰਾਂ ਦੇ ਆਪਣੇ ਮਹੱਤਵ ਹਨ, ਪਰ ਆਮ ਨਾਗਰਿਕ ਦੀ ਜ਼ਿੰਦਗੀ ਨਾਲ ਸਿੱਧਾ ਜੁੜਿਆ ਅਖ਼ਬਾਰ ਦਾ ਸਥਾਨਕ ਪੱਖ ਹੈ।

ਕਿਸੇ ਪਿੰਡ ਦੀ ਟੁੱਟੀ ਸੜਕ, ਗੰਦੇ ਪਾਣੀ ਦੀ ਸਮੱਸਿਆ, ਹਸਪਤਾਲ ਵਿੱਚ ਡਾਕਟਰਾਂ ਦੀ ਘਾਟ, ਸਕੂਲ ਦੀ ਇਮਾਰਤ ਦੀ ਮਾੜੀ ਹਾਲਤ, ਸੀਵਰੇਜ ਦੀ ਨਾਕਾਮੀ, ਕਿਸਾਨਾਂ ਦੀ ਮੁਸ਼ਕਲ ਜਾਂ ਕਿਸੇ ਸਰਕਾਰੀ ਦਫ਼ਤਰ ਵਿੱਚ ਲੋਕਾਂ ਦੀ ਖੱਜਲ-ਖੁਆਰੀ—ਇਹ ਮੁੱਦੇ ਭਾਵੇਂ ਕੌਮੀ ਸੁਰਖੀਆਂ ਨਾ ਬਣਨ, ਪਰ ਇਨ੍ਹਾਂ ਦਾ ਸਬੰਧ ਹਜ਼ਾਰਾਂ ਲੋਕਾਂ ਦੀ ਰੋਜ਼ਮੱਰਾ ਜ਼ਿੰਦਗੀ ਨਾਲ ਹੁੰਦਾ ਹੈ।

ਸਥਾਨਕ ਅਖ਼ਬਾਰ ਇਨ੍ਹਾਂ ਮੁੱਦਿਆਂ ਨੂੰ ਪਛਾਣਦਾ, ਦਰਜ ਕਰਦਾ



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਵਿਜੀਲੈਂਸ ਜਾਗਰੂਕਤਾ ਹਫ਼ਤਾ 2026 ਮਨਾਇਆ

ਫ਼ਤਹਿਗੜ੍ਹ ਸਾਹਿਬ, 16 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵਿਖੇ ਸਿੱਖਿਆ ਵਿਭਾਗ ਵੱਲੋਂ ਖੁਸ਼ਹਾਲੀ ਲਈ ਇਮਾਨਦਾਰੀ ਵਿਸ਼ੇ ਅਧੀਨ ਵਿਜੀਲੈਂਸ ਜਾਗਰੂਕਤਾ ਹਫ਼ਤਾ 2026 ਮਨਾਇਆ ਗਿਆ। ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਇਮਾਨਦਾਰੀ, ਪਾਰਦਰਸ਼ਤਾ, ਨੈਤਿਕਤਾ ਅਤੇ ਜਵਾਬਦੇਹੀ ਦੀ ਭਾਵਨਾ ਪੈਦਾ ਕਰਨਾ ਅਤੇ ਭ੍ਰਿਸ਼ਟਾਚਾਰ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।

ਇਸ ਮੌਕੇ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਿੱਖਿਆ ਦਾ ਉਦੇਸ਼ ਕੇਵਲ ਗਿਆਨ ਅਤੇ ਹੁਨਰ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ-ਕੀਮਤਾਂ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਵੀ ਸੁਚੇਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਇਮਾਨਦਾਰੀ ਅਤੇ ਪਾਰਦਰਸ਼ਤਾ ਕਿਸੇ ਵੀ ਮਜ਼ਬੂਤ ਸੰਸਥਾ ਅਤੇ ਸਮਾਜ ਦੀ ਨੀਂਹ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਨਿੱਜੀ ਅਤੇ ਪੇਸ਼ੇਵਰ ਜੀਵਨ ਵਿੱਚ ਨੈਤਿਕ ਸਿਧਾਂਤਾਂ ਦੀ ਪਾਲਣਾ ਕਰਨ ਅਤੇ ਭ੍ਰਿਸ਼ਟਾਚਾਰ-ਮੁਕਤ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ ਨੇ ਕਿਹਾ ਕਿ ਵਿਦਿਅਕ ਸੰਸਥਾਵਾਂ ਦੀ ਜ਼ਿੰਮੇਵਾਰੀ ਨੌਜਵਾਨਾਂ ਵਿੱਚ ਨੈਤਿਕ ਚੇਤਨਾ, ਇਮਾਨਦਾਰੀ ਅਤੇ ਜਵਾਬਦੇਹੀ ਦੀ ਭਾਵਨਾ ਵਿਕਸਿਤ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਵਿਜੀਲੈਂਸ ਨੂੰ ਕੇਵਲ ਪ੍ਰਸ਼ਾਸਨਿਕ ਲੋੜ ਵਜੋਂ ਨਹੀਂ, ਸਗੋਂ ਇਮਾਨਦਾਰੀ, ਨੈਤਿਕ ਹਿੰਮਤ ਅਤੇ ਜਵਾਬਦੇਹੀ 'ਤੇ ਆਧਾਰਿਤ ਜੀਵਨ-ਜਾਚ ਵਜੋਂ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਨੈਤਿਕ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ।

ਇਸ ਲੜੀ ਤਹਿਤ ਭ੍ਰਿਸ਼ਟਾਚਾਰ ਦੀ ਰੋਕਥਾਮ ਅਤੇ ਸੁਸ਼ਾਸਨ ਨੂੰ ਉਤਸ਼ਾਹਿਤ ਕਰਨ ਵਿੱਚ ਨੌਜਵਾਨਾਂ ਦੀ ਭੂਮਿਕਾ ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। ਇਸ ਮੌਕੇ ਡਾ. ਰਮਨਦੀਪ ਕੌਰ, ਮੁਖੀ, ਰਾਜਨੀਤੀ ਵਿਗਿਆਨ ਵਿਭਾਗ, ਨੇ ਸਰੋਤ ਵਕਤਾ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਨੈਤਿਕ ਅਗਵਾਈ, ਸਰਗਰਮ ਨਾਗਰਿਕਤਾ ਅਤੇ ਜਨਤਕ ਜੀਵਨ ਵਿੱਚ ਜਵਾਬਦੇਹੀ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਉਠਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇਮਾਨਦਾਰੀ ਦੀ ਸਹੁੰ ਚੁਕਵਾਈ ਗਈ ਅਤੇ ਇਮਾਨਦਾਰੀ ਮੋਰੇ ਤੋਂ ਸ਼ੁਰੂ ਹੁੰਦੀ ਹੈ: ਭ੍ਰਿਸ਼ਟਾਚਾਰ-ਮੁਕਤ ਸਮਾਜ ਪ੍ਰਤੀ ਸਾਡੀ ਜ਼ਿੰਮੇਵਾਰੀ ਵਿਸ਼ੇ ਅਧੀਨ ਲੇਖ ਲਿਖਣ ਮੁਕਾਬਲਾ ਕਰਵਾਇਆ ਗਿਆ। ਇਸ ਤੋਂ ਇਲਾਵਾ ਜਨਤਕ ਜੀਵਨ ਵਿੱਚ ਇਮਾਨਦਾਰੀ ਅਤੇ ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਨ ਸਬੰਧੀ ਐਨੀਮੇਟਿਡ ਵੀਡੀਓ ਦਿਖਾਈ ਗਈ ਅਤੇ ਭ੍ਰਿਸ਼ਟਾਚਾਰ ਨੂੰ ਨਾਂਹ ਕਹੋ: ਬਦਲਾਅ ਦੀ ਸ਼ੁਰੂਆਤ ਖੁਦ ਤੋਂ ਕਰੋ ਵਿਸ਼ੇ ਅਧੀਨ ਗੱਲ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਕੋਆਰਡੀਨੇਟਰ ਮਿਸ ਅਮਨਦੀਪ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

ਨਿਊਕਲੀਓਸਿਸ 2026 ਰਾਹੀਂ ਵਿਗਿਆਨਕ ਨਵੀਨਤਾ ਅਤੇ ਸਿਰਜਣਾਤਮਕਤਾ ਦਾ ਪ੍ਰਗਟਾਵਾ



ਫ਼ਤਹਿਗੜ੍ਹ ਸਾਹਿਬ, 16 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ 'ਨਿਊਕਲੀਓਸਿਸ 2026 - ਜਿੱਥੇ ਵਿਗਿਆਨ ਅਤੇ ਸਿਰਜਣਾਤਮਕਤਾ ਦਾ ਸੁਮੇਲ ਹੁੰਦਾ ਹੈ' ਵਿਸ਼ੇ ਅਧੀਨ ਇੱਕ ਰੋਜ਼ਾ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵਿਸ਼ੇਸ਼ ਭਾਸ਼ਣ, ਵਿਚਾਰ-ਚਰਚਾ ਅਤੇ ਵਿਦਿਆਰਥੀ ਮੁਕਾਬਲੇ ਕਰਵਾਏ ਗਏ। ਸਮਾਗਮ ਦੀ ਸ਼ੁਰੂਆਤ ਡਾ. ਜਸਕੀਰਤ ਕੌਰ ਅਤੇ ਡਾ. ਜਗਪ੍ਰੀਤ ਸਿੰਘ ਵੱਲੋਂ ਸਵਾਗਤੀ ਸ਼ਬਦਾਂ ਨਾਲ ਕੀਤੀ ਗਈ। ਅਮਰੀਕਾ ਦੇ ਕੈਲੀਫੋਰਨੀਆ ਸਥਿਤ ਅਰਿਹੰਤ ਇੰਸਟੀਚਿਊਟ ਦੇ ਪ੍ਰੋਫ਼ੈਸਰ ਅਤੇ ਕੈਨੇਡਾ ਦੇ ਧੁਨੀ ਵਿਗਿਆਨ ਖੋਜ ਕੇਂਦਰ ਦੇ ਨਿਰਦੇਸ਼ਕ ਡਾ. ਦਵਿੰਦਰ ਪਾਲ ਸਿੰਘ ਨੇ 'ਰੇਡੀਏਸ਼ਨ ਭੌਤਿਕ ਵਿਗਿਆਨ ਤੋਂ ਟਿਕਾਊ ਵਿਸ਼ਵ ਤੱਕ' ਵਿਸ਼ੇ 'ਤੇ ਭਾਸ਼ਣ ਦਿੰਦਿਆਂ ਵਿਗਿਆਨਕ ਖੋਜ, ਵਾਤਾਵਰਣਕ ਜ਼ਿੰਮੇਵਾਰੀ ਅਤੇ ਨੈਤਿਕ ਕਦਰਾਂ-ਕੀਮਤਾਂ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ। ਉੱਘੇ ਵਿਦਵਾਨ ਅਤੇ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਆਫ਼ ਐਮੀਨੈਂਸ (ਆਨਰੇਰੀ) ਡਾ. ਹਰਦੇਵ ਸਿੰਘ ਵਿਰਕ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਵਿਗਿਆਨਕ ਅਤੇ ਅੰਤਰ-ਅਨੁਸ਼ਾਸਨੀ ਵਿਸ਼ਿਆਂ ਬਾਰੇ ਵਿਚਾਰ-ਚਰਚਾ ਕੀਤੀ। ਆਈ.ਆਈ.ਟੀ. ਮੁੰਬਈ ਦੇ ਸਾਬਕਾ ਵਿਦਿਆਰਥੀ ਡਾ. ਸੁਨੀਲ ਭਾਟੀਆ ਨੇ ਆਪਣੇ ਖੋਜ ਅਤੇ ਅਕਾਦਮਿਕ ਅਨੁਭਵ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਖੋਜ ਕਾਰਜਾਂ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਸਮਾਪਤੀ ਸੈਸ਼ਨ ਵਿੱਚ ਯੂਨੀਵਰਸਿਟੀ ਦੇ ਮਾਨਯੋਗ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ, ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਅਤੇ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਸਮੇਤ ਹੋਰ ਪਤਵੰਤੇ ਮੌਜੂਦ ਰਹੇ। ਉਪ-ਕੁਲਪਤੀ ਨੇ ਵਿਭਾਗ ਨੂੰ ਸਫ਼ਲ ਸਮਾਗਮ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ, ਸਿਰਜਣਾਤਮਕਤਾ ਅਤੇ ਖੋਜ-ਮੁਖੀ ਸੋਚ ਨੂੰ ਪ੍ਰਫੁੱਲਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਦੌਰਾਨ ਕਰਵਾਏ ਗਏ ਵਿਗਿਆਨਕ ਰੰਗੋਲੀ ਮੁਕਾਬਲੇ ਵਿੱਚ ਵਿਪਨਦੀਪ ਕੌਰ, ਮਨਪ੍ਰੀਤ ਕੌਰ ਅਤੇ ਰਾਜਵੀਰ ਸਿੰਘ ਦੀ ਟੀਮ ਨੇ ਪਹਿਲਾ, ਜੈਸਮੀਨ ਕੌਰ, ਅਰਸ਼ਪ੍ਰੀਤ ਕੌਰ ਅਤੇ ਨਵਜੋਤ ਕੌਰ ਦੀ ਟੀਮ ਨੇ ਦੂਜਾ ਅਤੇ ਖੁਸ਼ਪ੍ਰੀਤ ਕੌਰ, ਹਰਦੀਪ ਕੌਰ ਤੇ ਅੰਜਲੀ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਗਿਆਨਕ ਮਾਡਲ ਪੇਸ਼ਕਾਰੀ ਵਿੱਚ ਬੇਅੰਤ ਕੌਰ ਅਤੇ ਅਰਸ਼ਪ੍ਰੀਤ ਕੌਰ ਦੀ ਟੀਮ ਨੇ ਪਹਿਲਾ, ਜਸ਼ਨਵੀਰ ਸਿੰਘ ਨੇ ਦੂਜਾ ਅਤੇ ਸੁਖਮਨਪ੍ਰੀਤ ਕੌਰ, ਗਗਨਦੀਪ ਕੌਰ, ਅਰਸ਼ਪ੍ਰੀਤ ਕੌਰ ਤੇ ਜਸਨੂਰ ਕੌਰ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਨਾਅਰਾ ਲੇਖਣ ਮੁਕਾਬਲੇ ਵਿੱਚ ਰਜਿੰਦਰ ਕੌਰ ਨੇ ਪਹਿਲਾ, ਜਸਨੂਰ ਕੌਰ ਨੇ ਦੂਜਾ ਅਤੇ ਗੁਰਨੂਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਦੋ ਪੁਸਤਕਾਂ 'ਰੈਜ਼ੋਨੈਂਲਿਟੀ ਐਂਡ ਰੈਵਲੇਸ਼ਨ - ਏ ਸਿੱਖ ਪਰਸਪੈਕਟਿਵ ਆਨ ਸਾਇੰਸ-ਰਿਲੀਜਨ ਡਾਇਲਾਗ' ਅਤੇ 'ਇਟਰਨਲ ਵਿਜ਼ਡਮ, ਇਮਰਜਿੰਗ ਵਰਲਡਜ਼ - ਸਿੱਖ ਥਾਟ ਆਨ ਫੇਥ, ਫ੍ਰੀਡਮ, ਆਈਡੈਂਟਿਟੀ ਐਂਡ ਆਰਟੀਫਿਸ਼ਲ ਇੰਟੈਲੀਜੈਂਸ' ਵੀ ਲੋਕ ਅਰਪਣ ਕੀਤੀਆਂ ਗਈਆਂ। ਜੇਤੂ ਵਿਦਿਆਰਥੀਆਂ ਨੂੰ ਉਪ-ਕੁਲਪਤੀ ਵੱਲੋਂ ਮੈਡਲ ਅਤੇ ਮੈਰਿਟ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਸਮਾਗਮ ਦੀ ਸਮਾਪਤੀ ਡਾ. ਸੁਖਦੀਪ ਸਿੰਘ ਵੱਲੋਂ ਧੰਨਵਾਦੀ ਮਤੇ ਨਾਲ ਹੋਈ।

ਜ਼ਿਲ੍ਹਾ ਮੈਜਿਸਟਰੇਟ ਨੇ ਗੋਲ/ਐਨ.ਸੀ.ਆਰ ਦੇ ਸਾਰੇ ਲਘੂ ਸਥਾਨਾਂ ਨੂੰ 'ਨੋ ਡਰੋਨ ਏਰੀਆ' ਐਲਾਨਿਆ



ਫ਼ਤਹਿਗੜ੍ਹ ਸਾਹਿਬ, 16 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮੈਜਿਸਟਰੇਟ, ਡਾ.ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਗੋਲ ਐਨ.ਸੀ.ਆਰ ਦੇ ਪਿੰਡ ਮੀਰਪੁਰ, ਤਹਿਸੀਲ ਫਤਹਿਗੜ੍ਹ ਸਾਹਿਬ ਅਤੇ ਪਿੰਡ ਬਰੌਗਾ ਜੇਰ, ਤਹਿਸੀਲ ਅਮਲੋਹ ਵਿਖੇ ਸਥਿਤ ਸਾਰੇ ਲਘੂ ਸਥਾਨਾਂ ਨੂੰ ਸੁਰੱਖਿਆ ਦੇ ਮੱਦੇਨਜਰ 'ਨੋ ਡਰੋਨ ਜੋਨ' ਏਰੀਆ ਘੋਸ਼ਿਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 29 ਦਸੰਬਰ 2026 ਤੱਕ ਲਾਗੂ ਰਹਿਣਗੇ।

ਭਾਸ਼ਾ ਵਿਭਾਗ ਵੱਲੋਂ ਮਾਤਾ ਗੁਜਰੀ ਕਾਲਜ ਵਿਖੇ ਰਾਜ ਪੱਧਰੀ ਬਾਲ ਗਿਆਨ ਪ੍ਰਸ਼ਨੋਤਰੀ ਮੁਕਾਬਲੇ 18 ਨਵੰਬਰ ਨੂੰ

ਫ਼ਤਹਿਗੜ੍ਹ ਸਾਹਿਬ, 16 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਸ਼ਾ ਵਿਭਾਗ ਵੱਲੋਂ ਮਨਾਏ ਜਾ ਰਹੇ ਪੰਜਾਬੀ ਮਾਹ-2026 ਦੇ ਸਮਾਗਮਾਂ ਦੀ ਲੜੀ ਤਹਿਤ ਭਾਸ਼ਾ ਵਿਭਾਗ ਵੱਲੋਂ ਰਾਜ ਪੱਧਰੀ ਬਾਲ ਗਿਆਨ ਪ੍ਰਸ਼ਨੋਤਰੀ ਮੁਕਾਬਲਾ 18 ਨਵੰਬਰ, ਦਿਨ ਬੁੱਧਵਾਰ ਨੂੰ ਮਾਤਾ ਗੁਜਰੀ ਕਾਲਜ, ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਮੁਕਾਬਲਾ ਸਵੇਰੇ 9 ਵਜੇ ਸ਼ੁਰੂ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਖੋਜ ਅਫ਼ਸਰ ਸੰਦੀਪ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਪ੍ਰੋ. ਅੱਛਰੂ ਸਿੰਘ, ਸ਼੍ਰੋਮਣੀ ਸਾਹਿਤਕਾਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਪ੍ਰਸਿੱਧ ਸਾਹਿਤਕਾਰ ਪਰਮਜੀਤ ਕੌਰ ਸਰਹਿੰਦ ਸਮਾਗਮ ਦੀ ਪ੍ਰਧਾਨਗੀ ਕਰਨਗੇ, ਜਦਕਿ ਪ੍ਰਸਿੱਧ ਬਾਲ ਸਾਹਿਤਕਾਰ ਕਮਲਜੀਤ ਸਿੰਘ ਨੀਲੋਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਵਿੰਦਰ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾਂਦੇ ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਸਬੰਧੀ ਆਮ ਗਿਆਨ ਵਿੱਚ ਵਾਧਾ ਕਰਨਾ ਅਤੇ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਇਤਿਹਾਸਕ, ਸੱਭਿਆਚਾਰਕ ਅਤੇ ਵਿਰਾਸਤੀ ਪਰੰਪਰਾਵਾਂ ਨਾਲ ਜੋੜਨਾ ਹੈ। ਇਸ ਉਪਰਾਲੇ ਰਾਹੀਂ ਵਿਦਿਆਰਥੀਆਂ ਅੰਦਰ ਪੰਜਾਬੀ ਭਾਸ਼ਾ, ਸਾਹਿਤ ਅਤੇ ਵਿਰਾਸਤ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਗਿਆਨ ਪ੍ਰਾਪਤੀ ਦੀ ਭਾਵਨਾ ਨੂੰ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਇਸ ਰਾਜ ਪੱਧਰੀ ਮੁਕਾਬਲੇ ਵਿੱਚ ਭਾਗ ਲੈਣਗੇ। ਇਹ ਮੁਕਾਬਲੇ ਤਿੰਨ ਵੱਖ-ਵੱਖ ਵਰਗਾਂ ਵਿੱਚ ਕਰਵਾਏ ਜਾਣਗੇ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਜਾਵੇਗਾ।

ਹਰਸਿਮਰਤ ਬਾਦਲ ਵੱਲੋਂ ਪੀੜਤਾਂ ਲਈ 1 ਕਰੋੜ ਰੁਪਏ ਮੁਆਵਜ਼ੇ ਅਤੇ ਸਰਕਾਰੀ ਨੌਕਰੀ ਦੀ ਮੰਗ

ਚੰਡੀਗੜ੍ਹ, 15 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਸ਼੍ਰੋਮਣੀ ਅਕਾਲੀ ਦਲ (ਅਕਾਲੀ ਦਲ) ਦੀ ਆਗੂ ਅਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਤਰਨ ਤਾਰਨ ਵਿਖੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਚੱਲ ਰਹੀਆਂ ਦੋ ਬੱਸਾਂ ਦੀ ਟੱਕਰ ਵਿੱਚ ਮਾਰੇ ਗਏ ਦੋ ਨੌਜਵਾਨਾਂ ਦੇ ਪਰਿਵਾਰਾਂ ਲਈ ਐਲਾਨੇ ਗਏ ਮੁਆਵਜ਼ੇ ਨੂੰ ਲੈ ਕੇ 'ਆਪ' ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਹੈ।

ਉਨ੍ਹਾਂ ਨੇ ਸਰਕਾਰ 'ਤੇ ਸ਼ਰਧਾਲੂਆਂ ਨੂੰ ਲਿਜਾਣ ਲਈ ਕੰਡਮ (ਖ਼ਸਤਾਹਾਲ) ਬੱਸਾਂ ਦੀ ਵਰਤੋਂ ਕਰਨ ਦਾ ਵੀ ਦੋਸ਼ ਲਗਾਇਆ ਹੈ। ਜ਼ਿਕਰਯੋਗ ਹੈ ਕਿ ਸ਼ਨਿੱਚਰਵਾਰ ਸ਼ਾਮ ਨੂੰ ਤਰਨ ਤਾਰਨ ਜ਼ਿਲ੍ਹੇ ਦੇ ਨੌਸ਼ਹਿਰਾ ਪੰਨੂੰਆਂ ਨੇੜੇ ਕੌਮੀ ਮਾਰਗ-54 (National Highway ED) 'ਤੇ ਤੀਰਥ ਯਾਤਰਾ ਬੱਸਾਂ ਦੀ ਆਪਸੀ ਟੱਕਰ ਵਿੱਚ 5 ਵਿਅਕਤੀਆਂ ਦੀ ਮੌਤ ਹੋ ਗਈ ਸੀ। ਮ੍ਰਿਤਕ ਸਾਹਿਬਪ੍ਰੀਤ ਸਿੰਘ ਅਤੇ ਅਵਤਾਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਐਤਵਾਰ ਨੂੰ ਧਰਨਾ ਦਿੱਤਾ ਸੀ ਅਤੇ ਸਰਕਾਰ ਵੱਲੋਂ ਐਲਾਨੇ ਗਏ ਮੁਆਵਜ਼ੇ ਨੂੰ ਨਾਕਾਫ਼ੀ ਦੱਸਿਆ ਸੀ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ'(✓) 'ਤੇ ਇੱਕ ਪੋਸਟ ਸਾਂਝੀ ਕਰਦਿਆਂ ਹਰਸਿਮਰਤ ਬਾਦਲ ਨੇ ਮੰਗ ਕੀਤੀ ਕਿ ਸੂਬਾ ਸਰਕਾਰ ਵੱਲੋਂ ਐਲਾਨੇ ਗਏ 5 ਲੱਖ ਰੁਪਏ ਦੀ ਬਜਾਏ ਹਰੇਕ ਮ੍ਰਿਤਕ ਦੇ ਵਾਰਸਾਂ ਨੂੰ 1 ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਨੇ ਪੀੜਤ ਪਰਿਵਾਰਾਂ ਦੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਵੀ ਮੰਗ ਕੀਤੀ ਹੈ।

ਭੀਟੀਵਾਲਾ ਦੇ ਸਾਹਿਬਪ੍ਰੀਤ ਸਿੰਘ ਅਤੇ ਬਲੋਚ ਖੇੜਾ ਦੇ ਅਵਤਾਰ ਸਿੰਘ ਦੀਆਂ ਮੌਤਾਂ ਨੂੰ ਦਿਲ-ਕੰਬਾਊ ਕਰਾਰ ਦਿੰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਇਹ ਹਾਦਸਾ ਪੰਜਾਬ ਸਰਕਾਰ ਦੀ ਘੋਰ ਅਣਗਹਿਲੀ ਦਾ ਨਤੀਜਾ ਹੈ। ਬਾਦਲ ਨੇ ਦਾਅਵਾ ਕੀਤਾ ਕਿ ਤੀਰਥ ਯਾਤਰਾ ਸਕੀਮ ਤਹਿਤ ਲਗਾਈਆਂ ਗਈਆਂ ਬੱਸਾਂ ਅਣਫਿੱਟ ਸਨ ਅਤੇ ਕਥਿਤ ਤੌਰ 'ਤੇ ਬਿਨਾਂ ਵੈਧ ਫਿੱਟਨੈੱਸ ਤੇ ਪ੍ਰਦੂਸ਼ਣ ਸਰਟੀਫਿਕੇਟ, ਬੀਮਾ ਅਤੇ ਰਜਿਸਟਰੇਸ਼ਨ ਦਸਤਾਵੇਜ਼ਾਂ ਦੇ ਚੱਲ ਰਹੀਆਂ ਸਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਦੁਖਾਂਤ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ ਅਤੇ ਉਹ ਆਪਣੀ ਜਵਾਬਦ

ਨਵੇਂ ਥਾਪੇ ਸ਼੍ਰੋਮਣੀ ਅਕਾਲੀ ਦਲ ਸਮਾਣਾ ਤੋਂ ਅਬਜਰਵਰ ਲੰਗ ਨੂੰ ਕੀਤਾ ਗਿਆ ਸਨਮਾਨਤ

ਪਾਰਟੀ ਸੁਪਰੀਮੋ ਬਾਦਲ ਦੀ ਅਗਵਾਈ 'ਚ ਬਣੇਗੀ ਸਰਕਾਰ : ਲੰਗ, ਹਰਿਆਊ

ਪਟਿਆਲਾ, 16 ਨਵੰਬਰ
-ਜੀ. ਐਸ. ਤੂੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਸ਼੍ਰੋਮਣੀ ਅਕਾਲੀ ਦਲ ਵੱਲੋਂ ਸੂਬੇ ਅੰਦਰ 2027 ਦੀਆ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਪਾਰਟੀ ਅੰਦਰ ਮਿਹਨਤੀ ਅਤੇ ਕੰਮ ਕਰਨ ਵਾਲੇ ਨੌਜਵਾਨਾਂ ਨੂੰ ਨਵੇਂ ਅਹੁਦੇ ਦੇ ਕੇ ਨਿਯੁਕਤ ਕੀਤਾ ਜਾ ਰਿਹਾ ਇਸੇ ਅਨੁਸਾਰ ਸਮਾਣਾ ਹਲਕੇ ਵਿੱਚ ਨਵੇਂ ਥਾਪੇ ਅਬਜਰਵਰ ਅੰਮ੍ਰਿਤਪਾਲ ਸਿੰਘ ਲੰਗ ਨੂੰ ਸ਼੍ਰੋਮਣੀ ਅਕਾਲੀ ਦਲ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦੀ ਅਗਵਾਈ ਹੇਠ ਅਕਾਲੀ ਵਰਕਰਾਂ ਤੇ ਆਗੂਆਂ ਨੇ ਸਨਮਾਨਿਤ ਕੀਤਾ ਜਿੱਥੇ ਜਗਮੀਤ ਸਿੰਘ ਹਰਿਆਊ ਤੇ ਅੰਮ੍ਰਿਤਪਾਲ ਸਿੰਘ ਲੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸੂਬੇ ਅੰਦਰ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨਾ ਤੈ ਹੈ ਲਿਹਾਜਾ ਪੰਜਾਬ ਦੇ ਲੋਕ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਫਤਵਾ ਦੇਣ ਲਈ ਤਿਆਰ ਬਰ ਤਿਆਰ ਬੈਠੇ ਹਨ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਕ ਅਜਿਹੀ ਪਾਰਟੀ ਹੈ ਜੋ ਪੰਜਾਬ ਦੀ ਖੇਤਰੀ ਪਾਰਟੀ ਵਜੋਂ ਪੰਜਾਬ ਦੇ ਮੁੱਦਿਆਂ ਦੀ ਗੱਲ ਕਰਦੀ ਹੈ। ਹੋਰਨਾਂ ਪਾਰਟੀਆਂ ਕੋਲ ਇਸ ਦਾ ਕੋਈ ਤੋੜ ਨਹੀਂ ਹੁਣ ਪੰਜਾਬ ਦੇ ਲੋਕਾਂ ਨੇ ਵੀ ਮਨ ਬਣਾ ਲਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਤੋਂ ਪੰਜਾਬ ਅੰਦਰ ਸਤਾ ਵਿੱਚ ਲਿਆ ਕੇ ਲੋਕਾਂ ਦੀ ਸਰਕਾਰ ਬਣਾਉਣ ਉਤਾਵਲੇ ਹਨ ਉਹਨਾਂ ਕਿਹਾ ਕਿ ਪੰਜਾਬ ਦੇ ਲੋਕੀ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਕੀਤੇ ਕਾਰਜਾਂ ਨੂੰ ਮੁੜ ਤੋਂ ਯਾਦ ਕਰ ਕਰਨ ਲੱਗ ਪਏ ਹਨ ਕਿਉਂਕਿ ਜੋ ਲੋਕ ਭਲਾਈ ਸਕੀਮਾਂ ਸ਼੍ਰੋਮਣੀ ਅਕਾਲੀ ਦਲ ਦੀ ਰਾਜ ਸਮੇਂ ਚਲਾਈਆਂ ਗਈਆਂ ਹਨ ਸਕੀਮਾਂ ਅੱਜ ਵੀ ਪੰਜਾਬ ਦੇ ਲੋਕ ਫਾਇਦਾ ਲੈ ਰਹੇ ਹਨ।

ਉਹਨਾਂ ਕਿਹਾ ਕਿ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਕਰਨ ਲਈ ਪੰਜਾਬ ਦਾ ਨੌਜਵਾਨ ਵਰਗ ਇੱਕ ਮੁੱਠ ਹੋ ਕੇ ਪਾਰਟੀ ਨਾਲ ਚਟਾਨ ਵਾਂਗ ਖੜਾ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕੁਲਦੀਪ ਸਿੰਘ ਨੱਸੂਪੁਰ, ਗੋਪਾਲ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲ ਮੈਂਬਰ ਅਜੈਬ ਸਿੰਘ ਮੱਲੀ, ਮਲਕੀਤ ਸਿੰਘ ਧਰਮੇੜੀ, ਹੈਪੀ ਵਿਰਕ, ਗੁਰਦੇਵ ਸਿੰਘ, ਬਿਕਰਮਜੀਤ ਸਿੰਘ, ਹਰਮਨ ਸਿੰਘ, ਰਵੀ ਅਸਮਾਨਪੁਰ ,ਸਤੀਫ ਕੁਮਾਰ ਪੱਪੀ ਆਦਿ ਵੀ ਹਾਜ਼ਰ ਸਨ।

ਪਿੰਡ ਮੀਰਪੁਰ ਦੇ ਵਿਕਾਸ ਕਾਰਜਾਂ ਨੂੰ ਮਿਲੇਗੀ ਨਵੀਂ ਰਫ਼ਤਾਰ, ਵਿਧਾਇਕ ਦਿਨੇਸ਼ ਚੱਢਾ ਵੱਲੋਂ 5 ਲੱਖ ਦੀ ਗ੍ਰਾਂਟ ਜਾਰੀ



ਨੂਰਪੁਰਬੇਦੀ 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਲਗਾਤਾਰ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਮੀਰਪੁਰ ਦੀ ਗ੍ਰਾਮ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਪ੍ਰਦਾਨ ਕੀਤੀ ਗਈ।

ਗ੍ਰਾਂਟ ਦੀ ਰਾਸ਼ੀ ਦਾ ਚੈੱਕ ਵਿਧਾਇਕ ਦਿਨੇਸ਼ ਚੱਢਾ ਦੀ ਟੀਮ ਦੇ ਮੈਂਬਰ ਅਤੇ ਜ਼ਿਲ੍ਹਾ ਪਰਿਸ਼ਦ ਦੇ ਵਾਈਸ ਚੇਅਰਮੈਨ ਦੇਸਰਾਜ ਸੈਣੀ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਵਿਧਾਨ ਸਭਾ ਹਲਕਾ ਰੋਪੜ ਦੇ ਕੋਆਰਡੀਨੇਟਰ ਸਰਪੰਚ ਅਵਤਾਰ ਸਿੰਘ ਕੁੰਨਰ ਵੱਲੋਂ ਪਿੰਡ ਦੀ ਸਰਪੰਚ ਰਿਕੂ ਮੀਰਪੁਰ ਅਤੇ ਸਮੁੱਚੇ ਪੰਚਾਇਤ ਮੈਂਬਰਾਂ ਨੂੰ ਸੌਂਪਿਆ ਗਿਆ।

ਇਸ ਮੌਕੇ ਦੇਸਰਾਜ ਸੈਣੀ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦਾ ਵਿਸਥਾਰ ਕਰਨ ਅਤੇ ਲੋਕਾਂ ਦੀਆਂ ਲੋੜਾਂ ਮੁਤਾਬਕ ਵਿਕਾਸ ਕਾਰਜ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੀ ਖੁਸ਼ਹਾਲੀ ਅਤੇ ਤਰੱਕੀ ਹੀ ਹਲਕੇ ਦੇ ਸਰਵਪੱਖੀ ਵਿਕਾਸ ਦੀ ਨੀਂਹ ਹੈ।

ਉਨ੍ਹਾਂ ਪੰਚਾਇਤ ਨੂੰ ਅਪੀਲ ਕੀਤੀ ਕਿ ਗ੍ਰਾਂਟ ਦੀ ਰਾਸ਼ੀ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇ।

ਸਰਪੰਚ ਅਵਤਾਰ ਸਿੰਘ ਕੁੰਨਰ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਪਿੰਡਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨਸ਼ੀਲ ਹਨ।

ਮੀਰਪੁਰ ਪਿੰਡ ਨੂੰ ਮਿਲੀ ਇਹ ਗ੍ਰਾਂਟ ਵਿਕਾਸ ਦੇ ਕੰਮਾਂ ਨੂੰ ਹੋਰ ਤੇਜ਼ ਕਰਨ ਵਿੱਚ ਸਹਾਈ ਸਿੱਧ ਹੋਵੇਗੀ।

ਅੰਤ ਵਿੱਚ ਸਰਪੰਚ ਰਿਕੂ ਮੀਰਪੁਰ ਅਤੇ ਪੰਚਾਇਤ ਦੇ ਸਮੂਹ ਮੈਂਬਰਾਂ ਨੇ ਵਿਧਾਇਕ ਦਿਨੇਸ਼ ਚੱਢਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਾਪਤ ਹੋਈ ਗ੍ਰਾਂਟ ਦੀ ਵਰਤੋਂ ਪਿੰਡ ਦੇ ਸਾਂਝੇ ਵਿਕਾਸ ਕਾਰਜਾਂ ਲਈ ਸੁਚੱਜੇ ਢੰਗ ਨਾਲ ਕੀਤੀ ਜਾਵੇਗੀ।

ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਬਰੀ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਕਰਵਾਇਆ



ਪਬਰੀ (ਪਟਿਆਲਾ), 6 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਬਰੀ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਮਨਦੀਪ ਸਿੰਘ ਚੀਮਾ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਦਲਬੀਰ ਸਿੰਘ ਗਿੱਲ, ਜਸਵਿੰਦਰ ਸਿੰਘ, ਸਰਪੰਚ ਪਿੰਡ ਆਕੜੀ ਅਤੇ ਸਕੂਲ ਚੇਅਰਮੈਨ ਕੁਲਵੰਤ ਸਿੰਘ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਅਤੇ ਰੰਗਾਰੰਗ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਨ੍ਹਾਂ ਵਿੱਚ ਸਵਾਗਤੀ ਗੀਤ, ਛੇਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਨਾਰੀ ਸ਼ਕਤੀ, ਛੇਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਮੋਬਾਈਲ ਦੀ ਲਤ, ਨੌਵੀਂ ਜਮਾਤ (ਸੀ) ਵੱਲੋਂ ਵਿਗਿਆਨ ਅਤੇ ਅੰਧਵਿਸ਼ਵਾਸ ਨਾਲ ਸਬੰਧਤ ਪੇਸ਼ਕਾਰੀ, ਅੱਠਵੀਂ ਜਮਾਤ ਦਾ ਪੰਜਾਬੀ ਲੋਕ ਨਾਚ, ਮਾਈਮ, ਭੰਗੜਾ, ਦਸਵੀਂ ਜਮਾਤ (ਏ ਅਤੇ ਬੀ) ਦਾ ਨਾਚ, ਕੋਰੀਓਗ੍ਰਾਫੀ ਅਤੇ ਗਿੱਧਾ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਵਿਦਿਆਰਥੀਆਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹਾਜ਼ਰੀਨ ਦਾ ਮਨ ਮੋਹ ਲਿਆ।

ਸਮਾਰੋਹ ਦੀ ਇੱਕ ਹੋਰ ਵਿਸ਼ੇਸ਼ ਖਿੱਚ ਸਕੂਲ ਦੇ ਸਾਬਕਾ ਵਿਦਿਆਰਥੀਆਂ ਦੀ ਸ਼ਮੂਲੀਅਤ ਰਹੀ। ਇਸ ਮੌਕੇ ਲਖਵੀਰ ਸਿੰਘ, ਬਲਵੀਰ ਸਿੰਘ, ਜਸਵੰਤ ਸਿੰਘ, ਦਲਬੀਰ ਸਿੰਘ, ਗੁਰਵਿੰਦਰ ਸਿੰਘ, ਹਰਦੀਪ ਸਿੰਘ, ਅੰਜੂ ਰਾਣੀ, ਸੁਰਜੀਤ ਸਿੰਘ, ਗੁਰਜੰਟ ਸਿੰਘ, ਇੰਜ. ਰਣਜੀਤ ਸਿੰਘ ਢਿੱਲੋਂ, ਕੌਮਲਦੀਪ ਕੌਰ, ਅਦਿੱਤਿਆ ਰਾਣਾ, ਅੰਮ੍ਰਿਤਪਾਲ ਸਿੰਘ ਅਤੇ ਅਮਨਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪਹੁੰਚੇ। ਇਹ ਸਾਬਕਾ ਵਿਦਿਆਰਥੀ ਅੱਜ ਭਾਰਤੀ ਫ਼ੌਜ, ਪੰਜਾਬ ਪੁਲਿਸ, ਪੀ.ਐੱਸ.ਪੀ.ਸੀ.ਐੱਲ., ਸਿਹਤ ਵਿਭਾਗ, ਮਾਲ ਵਿਭਾਗ ਅਤੇ ਹੋਰ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਦੀ ਸਮਾਗਮ ਵਿੱਚ ਸ਼ਮੂਲੀਅਤ ਨੇ ਸਕੂਲ ਨਾਲ ਉਨ੍ਹਾਂ ਦੀ ਗੂੜ੍ਹੀ ਸਾਂਝ ਅਤੇ ਮੋਹ ਨੂੰ ਦਰਸਾਇਆ। ਉਨ੍ਹਾਂ ਦੀਆਂ ਪ੍ਰਾਪਤੀਆਂ ਮੌਜੂਦਾ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣੀਆਂ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਨਦੀਪ ਸਿੰਘ ਚੀਮਾ ਨੇ ਕਿਹਾ ਕਿ ਸਾਲਾਨਾ ਸਮਾਰੋਹ ਵਿਦਿਆਰਥੀਆਂ ਦੀ ਸਾਲ ਭਰ ਦੀ ਮਿਹਨਤ, ਪ੍ਰਾਪਤੀਆਂ ਅਤੇ ਪ੍ਰਤਿਭਾ ਨੂੰ ਸਨਮਾਨਿਤ ਕਰਨ ਦਾ ਮਹੱਤਵਪੂਰਨ ਮੌਕਾ ਹੁੰਦਾ ਹੈ। ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਵੀ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਤੇ ਲੈਕਚਰਾਰ ਅਮਰੀਕ ਸਿੰਘ ਨੇ ਸਕੂਲ ਦੇ ਸਾਬਕਾ ਵਿਦਿਆਰਥੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਮਾਸਟਰ ਅਕਸ਼ੈ ਕੁਮਾਰ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦਾ ਸਵਾਗਤ ਕੀਤਾ।

ਇਸ ਮੌਕੇ ਮਾਸਟਰ ਵਿੱਕੀ ਸ਼ਰਮਾ ਅਤੇ ਮਾਸਟਰ ਸੰਦੀਪ ਸਿੰਘ ਬਾਜਵਾ ਨੇ ਬਹੁਤ ਹੀ ਸੁਰੀਲੇ ਅਤੇ ਖੂਬਸੂਰਤ ਗੀਤਾਂ ਦੀ ਪੇਸ਼ਕਾਰੀ ਕਰਕੇ ਸਮਾਗਮ ਵਿੱਚ ਸੰਗੀਤਕ ਰੰਗ ਭਰ ਦਿੱਤੇ ਅਤੇ ਹਾਜ਼ਰੀਨ ਦਾ ਮਨੋਰੰਜਨ ਕੀਤਾ।

ਨਗਰ ਨਿਗਮ ਪਟਿਆਲਾ ਦੇ 30 ਵਾਰਡਾਂ ਦੀਆਂ ਚੋਣਾਂ ਦੇ ਮੱਦੇਨਜ਼ਰ ਅਸਲਾ ਚੁੱਕਣ 'ਤੇ ਪਾਬੰਦੀ ਦੇ ਹੁਕਮ ਜਾਰੀ

ਪਟਿਆਲਾ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨਗਰ ਨਿਗਮ ਪਟਿਆਲਾ ਦੇ 30 ਵਾਰਡਾਂ ਦੀਆਂ ਮੁੜ ਕਰਵਾਈਆਂ ਜਾ ਰਹੀਆਂ ਚੋਣਾਂ ਨੂੰ ਅਮਨ-ਅਮਾਨ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਚੋਣ ਪ੍ਰਕਿਰਿਆ ਦੌਰਾਨ ਅਸਲਾ ਚੁੱਕਣ 'ਤੇ ਪਾਬੰਦੀ ਲਗਾਉਣ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ।

ਏਡੀਸੀ (ਦਿਹਾਤੀ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਸੁਨੀਲ ਫੋਗਾਟ ਨੇ ਦੱਸਿਆ ਕਿ ਵਾਰਡ ਨੰਬਰ 1, 4, 6, 12, 14, 15, 16, 22, 26, 29, 32, 33, 34, 36, 37, 38, 40, 41, 43, 44, 45, 46, 48, 50, 51, 52, 53, 55, 57 ਅਤੇ 58 ਲਈ ਮੁੜ ਚੋਣਾਂ ਦੇ ਸਬੰਧੀ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਬੰਧਤ ਰਿਟਰਨਿੰਗ ਅਧਿਕਾਰੀਆਂ ਅਤੇ ਪੁਲਿਸ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਚੋਣਾਂ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ ਅਤੇ ਵੋਟਰ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਣ।

ਜ਼ਿਲ੍ਹਾ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ ਅਤੇ ਜਾਰੀ ਕੀਤੇ ਗਏ ਹੁਕਮਾਂ ਦੀ ਪਾਲਣਾ ਕਰਨ।

ਕਲਾਸ ਫੌਰਥ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ (1680) ਦੇ ਮੁੱਖ ਆਗੂਆਂ ਦੀ ਮੀਟਿੰਗ ਯੂਨੀਅਨ ਦਫ਼ਤਰ ਵਿਖੇ ਆਯੋਜਿਤ



ਪਟਿਆਲਾ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੀ ਕਲਾਸ ਫੌਰਥ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ (1680) ਦੇ ਮੁੱਖ ਆਗੂਆਂ ਦੀ ਮੀਟਿੰਗ ਯੂਨੀਅਨ ਦਫ਼ਤਰ ਵਿਖੇ ਹੋਈ। ਮੀਟਿੰਗ ਦੀ ਅਗਵਾਈ ਰਾਜੇਸ਼ ਕੁਮਾਰ ਗੋਲੂ ਨੇ ਕੀਤੀ। ਮੀਟਿੰਗ ਵਿੱਚ ਮਿਤੀ 19-11-2026 ਨੂੰ ਸੰਗਰੂਰ ਵਿਖੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਚੱਲ ਰਹੇ ਮੋਰਚੇ ਵਿੱਚ ਸਾਥੀਆਂ ਨੂੰ ਸਿੱਧੇ ਤੌਰ ਤੇ ਆਪਣੇ ਆਪਣੇ ਵਹੀਕਲਾਂ ਰਾਹੀਂ ਡੀ ਸੀ ਦਫਤਰ ਸੰਗਰੂਰ ਵਿਖੇ ਪਹੁੰਚਣ ਦੀ ਮੁੜ ਅਪੀਲ ਕੀਤੀ ਗਈ। ਇਸ ਤਰ੍ਹਾਂ ਸਿਹਤ ਵਿਭਾਗ ਦੇ ਕਾਮਿਆਂ ਦੀਆਂ ਮੰਗਾਂ ਆਊਟ ਸੋਰਸ , ਯੂਜ਼ਰ ਚਾਰਜੇਸ ਕਾਮਿਆਂ ਨੂੰ ਵਿਭਾਗ ਵਿੱਚ ਖਪਾਉਣ ਲਈ ਸਿਹਤ ਮੰਤਰੀ, ਸਿਹਤ ਸਕੱਤਰ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਕੀਤੀਆਂ ਗਈਆਂ ਮੀਟਿੰਗਾਂ ਤੇ ਫ਼ੈਸਲੇ ਖੇਤਰੀ ਅਧਿਕਾਰੀਆਂ ਵੱਲੋਂ ਲਾਗੂ ਨਾ ਕਰਨ ਸਬੰਧੀ ਮਿਤੀ 21-11-2026 ਦਿਨ ਸ਼ਨੀਵਾਰ ਨੂੰ ਸਿਹਤ ਮੰਤਰੀ ਦੀ ਰਿਹਾਇਸ਼ੀ ਪਟਿਆਲਾ ਵਿਖੇ 31 ਮੁਲਾਜ਼ਮ ਆਗੂਆਂ ਵਲੋਂ ਸਮੂਹਕ ਭੁੱਖ ਹੜਤਾਲ ਕੀਤੀ ਜਾਵੇਗੀ ਅਤੇ ਯਾਦ ਪੱਤਰ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਪ੍ਰਮੁੱਖ ਆਗੂ ਸ਼ਾਮਲ ਹੋਏ ਉਹਨਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਅਜੇ ਕੁਮਾਰ, ਇੰਦਰਪਾਲ ਵਾਲੀਆ, ਧਰਮਿੰਦਰ, ਪ੍ਰਕਾਸ਼ ਸਿੰਘ ਲੁਬਾਣਾ, ਰਾਜੇਸ਼ ਗੋਲੂ, ਰਾਜੇਸ਼ ਸੀ.ਐਮ.ਓ., ਤਰਲੋਚਨ ਮਾੜੂ, ਪ੍ਰੇਮ ਚਾਵਲਾ, ਨਿਸ਼ਾ ਰਾਣੀ, ਹੈਪੀ ਸਨੌਰ, ਲਖਵੀਰ ਸਿੰਘ, ਹਰਜਿੰਦਰ ਸਿੰਘ, ਅਮਰਨਾਥ, ਬੁੱਧ ਰਾਮ, ਤਰਸੇਮ ਲਾਲ, ਸਤਨਾਮ ਸਿੰਘ, ਅਜੇ ਕੁਮਾਰ ਹੈਪੀ, ਆਦਿ ਹਾਜਰ ਸਨ।

20 ਨੁਕਾਤੀ ਮੰਗਾਂ ਸਬੰਧੀ ਡਾਸਫੀ ਨੇ ਕੱਢੀ ਸਮਾਜਿਕ ਪਰੀਵਰਤਨ ਸਾਇ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੰਮ੍ਰਿਤਸਰ ਹਾਦਸੇ ਦੇ ਪੀੜਤ ਪਰਿਵਾਰਾਂ ਲਈ 5-5 ਲੱਖ ਰੁਪਏ ਅਤੇ ਹਰੇਕ ਜ਼ਖ਼ਮੀ ਲਈ ਇਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ

ਅੰਮ੍ਰਿਤਸਰ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀਆਂ ਬੱਸਾਂ ਨਾਲ ਅੰਮ੍ਰਿਤਸਰ ਵਿਖੇ ਵਾਪਰੇ ਭਿਆਨਕ ਸੜਕ ਹਾਦਸੇ ਦੇ ਪੀੜਤਾਂ ਨਾਲ ਅੱਜ ਮੁਲਾਕਾਤ ਕੀਤੀ ਅਤੇ ਇਸ ਦੁਰਘਟਨਾ ਵਿੱਚ ਕੀਮਤੀ ਜਾਨਾਂ ਚਲੇ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਮ੍ਰਿਤਕਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਅਤੇ ਜ਼ਖ਼ਮੀਆਂ ਨੂੰ 1-1 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹਾਦਸੇ ਵਿੱਚ ਜ਼ਖ਼ਮੀ ਹੋਏ ਸਾਰੇ ਵਿਅਕਤੀਆਂ ਦਾ ਬਿਹਤਰ ਡਾਕਟਰੀ ਇਲਾਜ ਵੀ ਯਕੀਨੀ ਬਣਾਏਗੀ।

ਐਕਸ 'ਤੇ ਪੋਸਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਅੱਜ ਮੈਂ ਨੌਜ਼ਹਿਰਾ ਪੰਨੂਆਂ ਨੇੜੇ ਵਾਪਰੇ ਬੱਸ ਹਾਦਸੇ ਵਿੱਚ ਜ਼ਖ਼ਮੀ ਹੋਏ ਸ਼ਰਧਾਲੂਆਂ ਦਾ ਹਾਲ-ਚਾਲ ਜਾਣਨ ਲਈ ਅੰਮ੍ਰਿਤਸਰ ਦੇ ਇੱਕ ਹਸਪਤਾਲ ਦਾ ਦੌਰਾ ਕੀਤਾ। ਪ੍ਰਮਾਤਮਾ ਦੀ ਮਿਹਰ ਨਾਲ ਜ਼ਿਆਦਾਤਰ ਜ਼ਖ਼ਮੀ ਖ਼ਤਰੇ ਤੋਂ ਬਾਹਰ ਹਨ ਅਤੇ ਉਮੀਦ ਹੈ ਕਿ ਉਹ ਜਲਦੀ ਠੀਕ ਹੋ ਕੇ ਘਰ ਪਰਤਣਗੇ। ਮੈਂ ਇਸ ਦੁਖਦਾਈ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਪੰਜ ਵਿਅਕਤੀਆਂ ਦੇ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਾ ਹਾਂ। ਸਰਕਾਰ ਵੱਲੋਂ ਹਰੇਕ ਪੀੜਤ ਪਰਿਵਾਰ ਨੂੰ 5 ਲੱਖ ਰੁਪਏ ਅਤੇ ਹਰੇਕ ਜ਼ਖ਼ਮੀ ਨੂੰ 1 ਲੱਖ ਰੁਪਏ ਦੀ ਆਰਥਿਕ ਸਹਾਇਤਾ ਦੇਣ ਦੇ ਨਾਲ-ਨਾਲ ਡਾਕਟਰੀ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸਰਕਾਰ ਅੱਖੀ ਘੜੀ ਵਿੱਚ ਆਪਣੇ ਲੋਕਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।



ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਹਾਦਸੇ ਵਿੱਚ 11 ਵਿਅਕਤੀ ਜ਼ਖ਼ਮੀ ਹੋਏ ਹਨ, ਜਦਕਿ ਚਾਰ ਸ਼ਰਧਾਲੂਆਂ ਅਤੇ ਇੱਕ ਮੋਟਰਸਾਈਕਲ ਸਵਾਰ ਦੀ ਦੁਖਦਾਈ ਮੌਤ ਹੋ ਗਈ ਹੈ।

ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਬਹੁਤ ਹੀ ਦੁਖਦਾਇਕ ਘਟਨਾ ਹੈ। ਮੈਂ ਪੀੜਤ ਪਰਿਵਾਰਾਂ ਦੇ ਦੁੱਖ ਵਿੱਚ ਸ਼ਰੀਕ ਹੁੰਦਾ ਹਾਂ ਅਤੇ ਇਸ ਮੁਸ਼ਕਲ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹਾਂ। ਪੰਜਾਬ ਸਰਕਾਰ ਜਾਨ ਗੁਆਉਣ ਵਾਲੇ ਹਰੇਕ ਵਿਅਕਤੀ ਦੇ ਪਰਿਵਾਰ ਨੂੰ 5 ਲੱਖ ਰੁਪਏ ਅਤੇ ਹਰੇਕ ਜ਼ਖ਼ਮੀ ਵਿਅਕਤੀ ਨੂੰ ਇਕ ਲੱਖ ਰੁਪਏ ਦੀ ਆਰਥਿਕ ਸਹਾਇਤਾ ਦੇਵੇਗੀ। ਜ਼ਖ਼ਮੀਆਂ ਦਾ ਸਾਰਾ ਡਾਕਟਰੀ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਕਿ ਉਹ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਅਤੇ ਜ਼ਖ਼ਮੀਆਂ ਦਾ ਵਧੀਆ ਤੋਂ ਵਧੀਆ ਇਲਾਜ ਯਕੀਨੀ ਬਣਾਉਣ।

ਆਪਣੀ ਦਿਲੀ ਸੰਵੇਦਨਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਪੀੜਤ ਪਰਿਵਾਰਾਂ ਨੂੰ ਇਹ ਨਾ ਪੂਰੇ ਜਾਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖਸ਼ੇ ਅਤੇ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਵੇ।

'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ, ਖਾਟੂ ਸ਼ਿਆਮ ਅਤੇ ਮਥੁਰਾ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਲਈ 17,531 ਤੋਂ ਵੱਧ ਸਫਲ ਯਾਤਰਾਵਾਂ ਰਾਹੀਂ 7,02,203 ਤੋਂ ਵੱਧ ਸ਼ਰਧਾਲੂ ਇਸ ਪਹਿਲਕਦਮੀ ਦਾ ਲਾਭ ਉਠਾ ਚੁੱਕੇ ਹਨ।

ਉਨ੍ਹਾਂ ਕਿਹਾ, ਇਸ ਯੋਜਨਾ ਤਹਿਤ ਹਰ ਰੋਜ਼ 70 ਤੋਂ ਵੱਧ ਬੱਸਾਂ ਚੱਲਦੀਆਂ ਹਨ, ਜਿਸ ਨਾਲ ਰੋਜ਼ਾਨਾ 3,000 ਤੋਂ ਵੱਧ ਸ਼ਰਧਾਲੂਆਂ ਨੂੰ ਯਾਤਰਾ ਦੀ ਸਹੂਲਤ ਮਿਲਦੀ ਹੈ। ਹਜ਼ਾਰਾਂ ਯਾਤਰਾਵਾਂ ਸਫਲਤਾਪੂਰਵਕ ਪੂਰੀਆਂ ਹੋ ਚੁੱਕੀਆਂ ਹਨ ਅਤੇ ਇਨ੍ਹਾਂ ਯਾਤਰਾਵਾਂ ਦੌਰਾਨ ਕਦੇ ਵੀ ਅਜਿਹੀ ਕੋਈ ਅਣਹੋਣੀ ਘਟਨਾ ਨਹੀਂ ਵਾਪਰੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਪਾਰਟੀਆਂ ਨੂੰ ਇਸ ਗਹਿਰੇ ਦੁਖਾਂਤ 'ਤੇ ਸਿਆਸਤ ਨਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਅਜਿਹੇ ਮੰਦਭਾਗੇ ਹਾਦਸਿਆਂ ਨੂੰ ਸਿਆਸੀ ਵਿਵਾਦ ਨਹੀਂ ਬਣਾਉਣਾ ਚਾਹੀਦਾ।

ਉਨ੍ਹਾਂ ਕਿਹਾ, ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਅਜਿਹਾ ਦੁਖਦਾਈ ਹਾਦਸਾ ਵਾਪਰਿਆ ਹੈ, ਪਰ ਇਸ ਉੱਤੇ ਸਿਆਸਤ ਨਹੀਂ ਹੋਣੀ ਚਾਹੀਦੀ। ਇਸ ਘਟਨਾ ਨੂੰ ਸਰਕਾਰ ਦੀ ਕਿਸੇ ਵੀ ਕਮੀ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਪੰਜਾਬ ਸਰਕਾਰ ਹਰ ਨਾਗਰਿਕ ਦੀ ਸੁਰੱਖਿਆ ਅਤੇ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਪੰਜਾਬ ਸਰਕਾਰ ਦੀ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਫੋਰਸ ਨੇ ਐਮਰਜੈਂਸੀ ਵਿੱਚ ਤੁਰੰਤ ਕਾਰਵਾਈ ਅਤੇ ਸੜਕ ਸੁਰੱਖਿਆ ਉਪਾਵਾਂ ਰਾਹੀਂ ਪੂਰੇ ਸੂਬੇ ਵਿੱਚ ਸੜਕ ਹਾਦਸਿਆਂ ਨੂੰ ਘਟਾਉਣ ਅਤੇ ਕੀਮਤੀ ਜਾਨਾਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਉਨ੍ਹਾਂ ਨੇ ਇੱਕ ਵਾਰ ਫਿਰ ਦੁਹਰਾਇਆ ਕਿ ਪੰਜਾਬ ਸਰਕਾਰ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਇਸ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਮਿਲਣਾ ਯਕੀਨੀ ਬਣਾਏਗੀ।

ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਦੇ ਅੰਡਰ-11 ਕਬੱਡੀ ਖਿਡਾਰੀਆਂ ਦਾ ਜ਼ੋਨਲ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ



ਦੇਵੀਗੜ੍ਹ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੀ ਅੰਡਰ-11 ਕਬੱਡੀ ਟੀਮ ਨੇ ਪ੍ਰਾਇਮਰੀ ਸਕੂਲ ਖੇਡਾਂ ਦੇ ਜ਼ੋਨਲ ਪੱਧਰੀ ਮੁਕਾਬਲਿਆਂ , ਜੋ ਕਿ ਭੁਨਰਹੇੜੀ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਹੋਈਆਂ ਸੀ, ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।

ਸਖਤ ਮੁਕਾਬਲੇ ਦੌਰਾਨ ਸਕੂਲ ਦੇ ਇਨ੍ਹਾਂ ਛੋਟੇ ਖਿਡਾਰੀਆਂ ਨੇ ਬਹਿਤਰੀਨ ਖੇਡ ਭਾਵਨਾ, ਫੁਰਤੀ ਅਤੇ ਟੀਮ ਵਰਕ ਦਾ ਮੁਜ਼ਾਹਰਾ ਕਰਦਿਆਂ ਇਹ ਸਫ਼ਲਤਾ ਆਪਣੇ ਨਾਮ ਕੀਤੀ। ਖਿਡਾਰੀਆਂ ਦੀ ਇਸ ਬੇਮਿਸਾਲ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ, ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਰਾਜਿੰਦਰ ਕੌਰ ਸੰਧੂ ਅਤੇ ਪ੍ਰਿੰਸੀਪਲ ਸ਼੍ਰੀਮਤੀ ਤਰਨਦੀਪ ਕੌਰ ਅਰੋੜਾ ਨੇ ਸਾਂਝੇ ਤੌਰ 'ਤੇ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਅੰਡਰ-11 ਵਰਗ ਦੇ ਬੱਚਿਆਂ ਵੱਲੋਂ ਕਬੱਡੀ ਵਰਗੀ ਮਾਂ-ਖੇਡ ਵਿੱਚ ਜ਼ੋਨਲ ਪੱਧਰ 'ਤੇ ਦੂਜਾ ਸਥਾਨ ਹਾਸਲ ਕਰਨਾ ਬਹੁਤ ਹੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਬੱਚਿਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਖੇਡ ਅਧਿਆਪਕਾਂ ਦੇ ਸਹੀ ਮਾਰਗਦਰਸ਼ਨ ਦਾ ਨਤੀਜਾ ਹੈ। ਸਕੂਲ ਪ੍ਰਬੰਧਕਾਂ ਨੇ ਸਮੂਹ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਾਹਿਬਾਨ ਨੂੰ ਹਾਰਦਿਕ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪਹੁੰਚਣ 'ਤੇ ਸਾਰੇ ਜੇਤੂ ਖਿਡਾਰੀਆਂ ਦਾ ਪ੍ਰਬੰਧਕੀ ਕਮੇਟੀ ਅਤੇ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

22 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਨਾਲ ਚੰਡੀਗੜ੍ਹ ਦੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਮਿਲੇਗੀ ਨਵੀਂ ਮਜ਼ਬੂਤੀ

ਚੰਡੀਗੜ੍ਹ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੈਕਟਰ 15 ਅਤੇ 24 ਵਿੱਚ ਲਗਭਗ 22 ਕਰੋੜ ਰੁਪਏ ਦੀ ਲਾਗਤ ਵਾਲੇ ਅੱਠ ਪੂਰੇ ਹੋ ਚੁੱਕੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਦੋ ਪ੍ਰਮੁੱਖ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਇਨ੍ਹਾਂ ਪ੍ਰੋਜੈਕਟਾਂ ਨਾਲ ਸ਼ਹਿਰ ਦੇ ਨਾਗਰਿਕ ਬੁਨਿਆਦੀ ਢਾਂਚੇ ਅਤੇ ਜਨ ਸੁਵਿਧਾਵਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ।

ਜਿਨ੍ਹਾਂ ਦੋ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ, ਉਨ੍ਹਾਂ ਵਿੱਚ ਸੈਕਟਰ 15 ਵਿੱਚ 9.39 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ 'ਸਟ੍ਰੀਟ ਫੌਰ ਪੀਪਲ' ਪ੍ਰੋਜੈਕਟ ਅਤੇ ਸੈਕਟਰ 24 ਵਿੱਚ 9.61 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਆਧੁਨਿਕ ਕਮਿਊਨਿਟੀ ਸੈਂਟਰ ਸ਼ਾਮਲ ਹਨ। ਉੱਥੇ ਹੀ, ਉਦਘਾਟਨ ਕੀਤੇ ਗਏ ਅੱਠ ਪ੍ਰੋਜੈਕਟਾਂ ਵਿੱਚ ਸੈਕਟਰ 11 ਅਤੇ 15 ਨੂੰ ਜੋੜਨ ਵਾਲੇ ਅੰਡਰਪਾਸ ਦਾ ਨਵੀਨੀਕਰਣ, ਸੈਕਟਰ 15 ਦੇ ਕਮਿਊਨਿਟੀ ਸੈਂਟਰ ਦਾ ਨਵੀਨੀਕਰਣ, ਸੈਕਟਰ 24-ਸੀ ਵਿੱਚ ਜਨਤਕ ਪਖਾਨਿਆਂ ਦਾ ਪੁਨਰਨਿਰਮਾਣ, ਸੈਕਟਰ 15 ਵਿੱਚ ਪਟੇਲ ਮਾਰਕਿਟ ਦੇ ਪਿੱਛੇ ਜ਼ੀਰੋ ਵੇਸਟ ਮਾਡਰਨ ਫੂਡ ਸਟ੍ਰੀਟ ਦਾ ਵਿਕਾਸ ਅਤੇ ਸੈਕਟਰ 15-ਏ, 15-ਸੀ ਅਤੇ 15-ਡੀ ਦੀਆਂ ਚਾਰ ਪਾਰਕਾਂ ਦਾ ਸੁਧਾਰ ਸ਼ਾਮਲ ਹੈ।

ਇਸ ਅਵਸਰ 'ਤੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਸ਼ਾਸਕ ਨੇ ਸਵੱਛ ਸਰਵੇਕਸ਼ਣ 2025-26 ਵਿੱਚ ਲਗਾਤਾਰ ਦੂਸਰੀ ਵਾਰ ਰਾਸ਼ਟਰੀ ਪੱਧਰ 'ਤੇ ਦੂਸਰਾ ਸਥਾਨ ਹਾਸਲ ਕਰਨ ਲਈ ਨਗਰ ਨਿਗਮ, ਸਫ਼ਾਈ ਕਰਮਚਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਸਵੱਛਤਾ ਅਭਿਯਾਨ ਵਿੱਚ ਜਨਭਾਗੀਦਾਰੀ ਨੂੰ ਹੋਰ ਵਧਾ ਕੇ ਅਗਲੇ ਵਰ੍ਹੇ ਚੰਡੀਗੜ੍ਹ ਨੂੰ ਪਹਿਲਾ ਸਥਾਨ ਦਿਵਾਉਣ ਲਈ ਮਿਲ ਕੇ ਪ੍ਰਯਾਸ ਕਰਨ।

ਨਾਗਰਿਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਅਤੇ ਟਿਕਾਊ ਵਿਕਾਸ ਦੇ ਮਹੱਤਵ 'ਤੇ ਜ਼ੋਰ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਸ਼ਹਿਰ ਦੀ ਪ੍ਰਗਤੀ ਦਾ ਵਾਸਤਵਿਕ ਮੁੱਲਾਂਕਣ ਉੱਥੋਂ ਦੇ ਨਿਵਾਸੀਆਂ ਨੂੰ ਰੋਜ਼ਮੱਰਾ ਵਿੱਚ ਮਿਲਣ ਵਾਲੀਆਂ ਸੁਵਿਧਾਵਾਂ ਦੀ ਗੁਣਵੱਤਾ ਨਾਲ ਹੁੰਦਾ ਹੈ। ਉਨ੍ਹਾਂ ਨੇ ਪਬਲਿਕ ਪ੍ਰੋਜੈਕਟਾਂ ਨੂੰ ਸਮੇਂ 'ਤੇ ਪੂਰਾ ਕਰਨ, ਨਿਰਮਾਣ ਕਾਰਜਾਂ ਦੀ ਗੁਣਵੱਤਾ ਬਣਾਈ ਰੱਖਣ ਅਤੇ ਨਿਯਮਿਤ ਰੱਖ-ਰਖਾਅ ਸੁਨਿਸ਼ਚਿਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਸ਼ਹਿਰ ਨੂੰ ਸਵੱਛ ਰੱਖਣ ਅਤੇ ਜਨਤਕ ਸੰਪਤੀਆਂ ਨੂੰ ਆਪਣੀ ਸੰਪਤੀ ਸਮਝ ਕੇ ਉਨ੍ਹਾਂ ਦੀ ਦੇਖਭਾਲ਼ ਕਰਨ ਦੀ ਅਪੀਲ ਵੀ ਕੀਤੀ।



ਪ੍ਰਸ਼ਾਸਕ ਨੇ ਨਸ਼ੇ ਦੇ ਦੁਰਉਪਯੋਗ ਅਤੇ ਤਸਕਰੀ 'ਤੇ ਰੋਕ ਲਗਾਉਣ ਲਈ ਚੰਡੀਗੜ੍ਹ ਵਿੱਚ ਕੀਤੇ ਜਾ ਰਹੇ ਪ੍ਰਯਾਸਾਂ ਦਾ ਵੀ ਉਲੇਖ ਕੀਤਾ। ਉਨ੍ਹਾਂ ਨੇ 11 ਸਤੰਬਰ, 2026 ਤੋਂ ਚੰਡੀਗੜ੍ਹ ਪ੍ਰਸ਼ਾਸਨ, ਚੰਡੀਗੜ੍ਹ ਪੁਲਿਸ ਅਤੇ ਨਗਰ ਨਿਗਮ ਨੇ ਮਿਲ ਕੇ ਸ਼ਹਿਰ ਵਿੱਚ ਨਸ਼ੇ ਦੀ ਤਸਕਰੀ ਅਤੇ ਵਿਕਰੀ ਰੋਕਣ ਲਈ ਮੁਹਿੰਮ ਸ਼ੁਰੂ ਕੀਤੀ ਹੈ। ਨਗਰ ਨਿਗਮ ਅਤੇ ਸਹਿਯੋਗੀ ਸੰਗਠਨਾਂ ਦੀ ਮਦਦ ਨਾਲ ਘਰ-ਘਰ ਜਾ ਕੇ ਮੁਹਿੰਮ ਵੀ ਚਲਾਈ ਜਾ ਰਹੀ ਹੈ, ਤਾਕਿ ਨਸ਼ੇ ਦੀ ਲਤ ਤੋਂ ਪ੍ਰਭਾਵਿਤ ਲੋਕਾਂ ਦੀ ਪਹਿਚਾਣ ਕਰਕੇ ਉਨ੍ਹਾਂ ਨੂੰ ਜ਼ਰੂਰੀ ਸਹਾਇਤਾ ਉਪਲਬਧ ਕਰਵਾਈ ਜਾ ਸਕੇ।

ਉਨ੍ਹਾਂ ਨੇ ਸਿੱਖਿਆ, ਸਿਹਤ ਸੇਵਾਵਾਂ, ਖੇਡਾਂ ਅਤੇ ਹਰਿਤ ਖੇਤਰ ਦੇ ਵਿਸਤਾਰ ਵਿੱਚ ਚੰਡੀਗੜ੍ਹ ਦੀਆਂ ਉਪਲਬਧੀਆਂ ਦੇ ਨਾਲ-ਨਾਲ ਸੁਖਨਾ ਵੈਟਲੈਂਡ ਨੂੰ ਰਾਮਸਰ ਸਾਇਟ ਦੇ ਰੂਪ ਵਿੱਚ ਮਿਲੀ ਮਾਨਤਾ ਦਾ ਵੀ ਉਲੇਖ ਕੀਤਾ। ਉਨ੍ਹਾਂ ਨੇ ਕਿਹਾ ਕਿ ਇੱਕ ਯੋਜਨਾਬੱਧ ਸ਼ਹਿਰ ਹੋਣ ਦੇ ਨਾਤੇ ਚੰਡੀਗੜ੍ਹ ਦੀ ਜ਼ਿੰਮੇਦਾਰੀ ਹੈ ਕਿ ਉਹ ਸਮਾਵੇਸ਼ੀ ਅਤੇ ਵਾਤਾਵਰਣ ਦੇ ਅਨੁਕੂਲ ਟਿਕਾਊ ਸ਼ਹਿਰੀ ਵਿਕਾਸ ਦਾ ਉਦਾਹਰਣ ਪੇਸ਼ ਕਰੇ ਅਤੇ ਵਿਕਸਿਤ ਭਾਰਤ 2047 ਦੇ ਰਾਸ਼ਟਰੀ ਲਕਸ਼ ਵਿੱਚ ਯੋਗਦਾਨ ਦੇਵੇ।

ਇਸ ਤੋਂ ਪਹਿਲਾਂ, ਮੇਅਰ ਸ਼੍ਰੀ ਸੌਰਭ ਜੋਸ਼ੀ ਨੇ ਰਾਜਪਾਲ ਦਾ ਸੁਆਗਤ ਕੀਤਾ ਅਤੇ ਉਨ੍ਹਾਂ ਨੂੰ ਵਿਕਾਸ ਪ੍ਰੋਜੈਕਟਾਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਸੈਕਟਰ 15 ਵਿੱਚ 'ਸਟ੍ਰੀਟ ਫੌਰ ਪੀਪਲ' ਪ੍ਰੋਜੈਕਟ ਦੇ ਤਹਿਤ ਪੈਦਲ ਚਲਣ ਦੇ ਰਸਤਿਆਂ ਅਤੇ ਸਾਇਕਲ ਟ੍ਰੈਕਾਂ ਨੂੰ ਬਿਹਤਰ ਬਣਾਇਆ ਜਾਵੇਗਾ। ਨਾਲ ਹੀ, ਬਜ਼ਾਰ ਖੇਤਰ ਨੂੰ ਸੁੰਦਰ ਬਣਾਇਆ ਜਾਵੇਗਾ ਅਤੇ ਬਿਹਤਰ ਰੋਸ਼ਨੀ, ਬੈਠਣ ਦੀ ਵਿਵਸਥਾ ਅਤੇ ਮੀਂਹ ਦੇ ਪਾਣੀ ਦੀ ਸੰਭਾਲ਼ ਦੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਨੇ ਦੱਸਿਆ ਕਿ ਲਗਭਗ 1.28 ਏਕੜ



ਹਰਿਆਣਾ ਖ਼ਬਰਨਾਮਾ



ਗੀਤਾ ਦਾ ਸੰਦੇਸ਼ ਅਤੇ ਭਗਵਾਨ ਬਿਰਸਾ ਮੁੰਡਾ ਦਾ ਸੰਘਰਸ਼ ਸਾਰਿਆਂ ਲਈ ਪ੍ਰੇਰਨਾ ਸਰੋਤ: ਮੁੱਖ ਮੰਤਰੀ

➢ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਚਕੂਲਾ ਵਿੱਚ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਦੇ ਭਵਨ ਨਿਰਮਾਣ ਦਾ ਰੱਖਿਆ ਨੀਂਹ ਪੱਥਰ ➢ ਭਗਵਾਨ ਬਿਰਸਾ ਮੁੰਡਾ ਦੀ ਜਯੰਤੀ 'ਤੇ ਰਾਜ ਪੱਧਰੀ ਸਮਾਗਮ ਵਿੱਚ ਭੇਟ ਕੀਤੀ ਸ਼ਰਧਾਂਜਲੀ ➢ ਮੁੱਖ ਮੰਤਰੀ ਨੇ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਦੇ ਨਿਰਮਾਣ ਲਈ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ 31 ਲੱਖ ਰੁਪਏ ਦੇਣ ਦਾ ਕੀਤਾ ਐਲਾਨ

ਪੰਚਕੂਲਾ, 16 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਨੇ ਸਾਨੂੰ ਗੀਤਾ ਰਾਹੀਂ ਕਰਮ, ਕਰਤੱਵ ਅਤੇ ਲੋਕ ਭਲਾਈ ਦਾ ਮਾਰਗ ਦਿਖਾਇਆ, ਉੱਥੇ ਹੀ ਭਗਵਾਨ ਬਿਰਸਾ ਮੁੰਡਾ ਨੇ ਆਪਣੇ ਜੀਵਨ ਅਤੇ ਸੰਘਰਸ਼ ਨਾਲ ਸਾਨੂੰ ਸਵੈ-ਮਾਣ, ਏਕਤਾ ਅਤੇ ਆਪਣੀ ਧਰਤੀ ਤੇ ਸੱਭਿਆਚਾਰ ਦੀ ਰੱਖਿਆ ਦਾ ਸੰਕਲਪ ਦਿੱਤਾ। ਦੋਵਾਂ ਮਹਾਂਪੁਰਖਾਂ ਦੇ ਸੰਦੇਸ਼ ਸਾਨੂੰ ਸਿਖਾਉਂਦੇ ਹਨ ਕਿ ਸੱਚਾ ਜੀਵਨ ਉਹੀ ਹੈ, ਜੋ ਆਪਣੇ ਕਰਤੱਵ ਪ੍ਰਤੀ ਵਫ਼ਾਦਾਰ ਹੋਵੇ ਅਤੇ ਸਮਾਜ ਦੇ ਹਿੱਤ ਵਿੱਚ ਸਮਰਪਿਤ ਹੋਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਗੱਲ ਐਤਵਾਰ ਨੂੰ ਪੰਚਕੂਲਾ ਵਿੱਚ 'ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ' ਦੇ ਭਵਨ ਦਾ ਨੀਂਹ ਪੱਥਰ ਰੱਖਣ ਅਤੇ ਜਨਜਾਤੀ ਗੌਰਵ ਦਿਵਸ 'ਤੇ ਭਗਵਾਨ ਬਿਰਸਾ ਮੁੰਡਾ ਦੀ ਜਯੰਤੀ ਦੇ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਹੀ। ਮੁੱਖ ਮੰਤਰੀ ਨੇ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਦੇ ਨਿਰਮਾਣ ਕਾਰਜ ਲਈ 31 ਲੱਖ ਰੁਪਏ ਦੀ ਸਹਿਯੋਗ ਰਾਸ਼ੀ ਦੇਣ ਦਾ ਵੀ ਐਲਾਨ ਕੀਤਾ। ਮੁੱਖ ਮੰਤਰੀ ਨੇ ਜਨਜਾਤੀ ਗੌਰਵ ਦਿਵਸ ਦੇ ਰਾਸ਼ਟਰੀ ਪ੍ਰੋਗਰਾਮ ਨਾਲ ਆਨਲਾਈਨ ਮਾਧਿਅਮ ਰਾਹੀਂ ਜੁੜਦਿਆਂ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਸੰਬੋਧਨ ਵੀ ਸੁਣਿਆ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਦੇ ਰੂਪ ਵਿੱਚ ਪੰਚਕੂਲਾ ਦੀ ਇਸ ਪਵਿੱਤਰ ਧਰਤੀ 'ਤੇ ਸਿਰਫ਼ ਇੱਕ ਭਵਨ ਦੀ ਹੀ ਨਹੀਂ, ਸਗੋਂ ਇੱਕ ਅਜਿਹੇ ਅਧਿਆਤਮਿਕ ਕੇਂਦਰ ਦੀ ਨੀਂਹ ਰੱਖੀ ਜਾ ਰਹੀ ਹੈ, ਜਿਸ ਰਾਹੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੰਸਕਾਰ, ਸੇਵਾ, ਸਮਰਪਣ ਅਤੇ ਸ੍ਰੀਮਦ ਭਗਵਦ ਗੀਤਾ ਦਾ ਗਿਆਨ ਪ੍ਰਾਪਤ ਹੋਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇੱਟ ਅਤੇ ਪੱਥਰ ਨਾਲ ਬਣਨ ਵਾਲਾ ਇਹ ਭਵਨ ਸ਼ਰਧਾ ਅਤੇ ਸੰਸਕਾਰਾਂ ਦੇ ਬਲ 'ਤੇ ਇੱਕ ਤੀਰਥ ਵਜੋਂ ਵਿਕਸਤ ਹੋਵੇਗਾ।

ਗੀਤਾ ਦਾ ਗਿਆਨ ਚਿੰਤਾਵਾਂ ਨੂੰ ਖ਼ਤਮ ਕਰਦਾ ਹੈ:

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਦੇ ਮਾਰਗਦਰਸ਼ਨ ਹੇਠ ਹਰਿਆਣਾ ਸਰਕਾਰ ਗੀਤਾ ਦੇ ਸੰਦੇਸ਼ ਨੂੰ ਕੁਰੂਕਸ਼ੇਤਰ ਤੋਂ ਹੁਣ ਵਿਸ਼ਵ ਵਿੱਚ ਘਰ-ਘਰ ਤੱਕ ਪਹੁੰਚਾਉਣ ਦਾ ਯਤਨ ਕਰ ਰਹੀ ਹੈ, ਜਿਸ ਵਿੱਚ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਜੀ ਮਹਾਰਾਜ ਦਾ ਜ਼ਿਕਰਯੋਗ ਸਹਿਯੋਗ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਜਦੋਂ ਅਸੀਂ ਭਵਿੱਖ ਨੂੰ ਲੈ ਕੇ ਚਿੰਤਤ ਹੁੰਦੇ ਹਾਂ, ਤਾਂ ਸ੍ਰੀਮਦ ਭਗਵਦ ਗੀਤਾ ਸਾਨੂੰ ਧੀਰਜ, ਵਿਵੇਕ ਅਤੇ ਕਰਮ ਕਰਨ ਦੀ ਪ੍ਰੇਰਨਾ ਦਿੰਦੀ ਹੈ। ਮੁੱਖ ਮੰਤਰੀ ਨੇ ਕਾਮਨਾ ਕੀਤੀ ਕਿ ਇਸ ਧਾਮ ਤੋਂ ਨਿਕਲਣ ਵਾਲਾ ਅਧਿਆਤਮਿਕ ਸੰਦੇਸ਼ ਪੰਚਕੂਲਾ ਤੋਂ ਪੂਰੇ ਹਰਿਆਣਾ ਅਤੇ ਦੇਸ਼ ਭਰ ਵਿੱਚ ਫੈਲੇ।

ਪ੍ਰਧਾਨ ਮੰਤਰੀ ਨੇ ਜਨਜਾਤੀ ਗੌਰਵ ਦਿਵਸ ਨੂੰ ਰਾਸ਼ਟਰੀ ਪਛਾਣ ਦਿਵਾਈ:

ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਭਗਵਾਨ ਬਿਰਸਾ ਮੁੰਡਾ ਦੀ ਜਯੰਤੀ ਨੂੰ ਜਨਜਾਤੀ ਗੌਰਵ ਦਿਵਸ ਵਜੋਂ ਰਾਸ਼ਟਰੀ ਪਛਾਣ ਦਿਵਾਈ। ਸਾਲ 2021 ਤੋਂ ਹਰ ਸਾਲ 15 ਨਵੰਬਰ ਨੂੰ ਇਹ ਦਿਵਸ ਮਨਾਇਆ ਜਾ ਰਿਹਾ ਹੈ, ਤਾਂ ਜੋ ਜਨਜਾਤੀ ਵੀਰਾਂ ਦੀ ਕੁਰਬਾਨੀ ਅਤੇ ਜਨਜਾਤੀ ਸਮਾਜ ਦੇ ਯੋਗਦਾਨ ਨੂੰ ਪੂਰੇ ਦੇਸ਼ ਦੇ ਸਾਹਮਣੇ ਸਤਿਕਾਰ ਸਹਿਤ ਯਾਦ ਕੀਤਾ ਜਾ ਸਕੇ। ਉਨ੍ਹਾਂ ਇਸ ਪਹਿਲਕਦਮੀ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਪ੍ਰਗਟਾਇਆ।

ਬਿਰਸਾ ਮੁੰਡਾ ਦਾ ਸੰਘਰਸ਼ ਇਤਿਹਾਸ ਵਿੱਚ ਦਰਜ:

ਮੁੱਖ ਮੰਤਰੀ ਨੇ ਕਿਹਾ ਕਿ ਧਰਤੀ ਆਬਾ ਭਗਵਾਨ ਬਿਰਸਾ ਮੁੰਡਾ ਦਾ ਜੀਵਨ ਸਾਹਸ, ਸੰਘਰਸ਼, ਸਵੈ-ਮਾਣ ਅਤੇ ਆਪਣੀ ਧਰਤੀ ਤੇ ਸੱਭਿਆਚਾਰ ਦੀ ਰੱਖਿਆ ਦੇ ਸੰਕਲਪ ਦਾ ਪ੍ਰਤੀਕ ਹੈ। ਮਹਿਜ਼ 25 ਸਾਲ ਦੀ ਛੋਟੀ ਉਮਰ ਵਿੱਚ ਭਗਵਾਨ ਬਿਰਸਾ ਮੁੰਡਾ ਨੇ ਅੰਗਰੇਜ਼ੀ ਹਕੂਮਤ ਦੀਆਂ ਨੀਂਹਾਂ ਹਿਲਾ ਦਿੱਤੀਆਂ ਸਨ। ਅੰਗਰੇਜ਼ੀ ਸ਼ਾਸਨ ਅਤੇ ਸ਼ੋਸ਼ਣਕਾਰੀ ਪ੍ਰਬੰਧ ਵਿਰੁੱਧ ਉਨ੍ਹਾਂ ਦਾ ਸੰਘਰਸ਼ ਇਤਿਹਾਸ ਵਿੱਚ ਦਰਜ ਹੈ। ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਸਾਹਸ ਸਿਰਫ਼ ਹਥਿਆਰ ਚੁੱਕਣ ਵਿੱਚ ਨਹੀਂ, ਸਗੋਂ ਆਪਣੇ ਲੋਕਾਂ ਦੇ ਅਧਿਕਾਰਾਂ, ਸਨਮਾਨ ਅਤੇ ਭਵਿੱਖ ਲਈ ਨਿਡਰ ਹੋ ਕੇ ਖੜ੍ਹੇ ਹੋਣ ਵਿੱਚ ਵੀ ਹੈ। ਉਨ੍ਹਾਂ ਸਮਾਜ ਸੁਧਾਰਕ ਵਜੋਂ ਨਸ਼ੇ, ਅੰਧਵਿਸ਼ਵਾਸ ਅਤੇ ਕੁਰੀਤੀਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਫਿਰ 'ਸਾਡੀ ਧਰਤੀ, ਸਾਡਾ ਰਾਜ' ਦਾ ਨਾਅਰਾ ਦੇ ਕੇ ਜਲ, ਜੰਗਲ ਅਤੇ ਜ਼ਮੀਨ ਦੀ ਰੱਖਿਆ ਲਈ ਮਹਾਂ-ਵਿਦਰੋਹ ਦੀ ਅਗਵਾਈ ਕੀਤੀ।

ਬਿਰਸਾ ਮੁੰਡਾ ਨੇ ਗੀਤਾ ਨੂੰ ਜੀਵਨ ਵਿੱਚ ਉਤਾਰ ਕੇ ਦਿਖਾਇਆ:

ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਅਸੀਂ ਭਗਵਾਨ ਬਿਰਸਾ ਮੁੰਡਾ ਦੇ ਜੀਵਨ ਨੂੰ ਗਹੁ ਨਾਲ ਦੇਖੀਏ ਤਾਂ ਸਾਨੂੰ ਪਤਾ ਲੱਗਦਾ ਹੈ ਕਿ ਉਨ੍ਹਾਂ ਨੇ ਗੀਤਾ ਨੂੰ ਆਪਣੇ ਜੀਵਨ ਵਿੱਚ ਉਤਾਰ ਕੇ ਦਿਖਾਇਆ ਅਤੇ ਗੀਤਾ ਦੇ ਸੰਦੇਸ਼ ਅਨੁਸਾਰ ਕਰਮ ਅਤੇ ਕਰਤੱਵ ਨੂੰ ਪਹਿਲ ਦਿੱਤੀ, ਜਿਸ ਕਾਰਨ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਨੇ ਘੱਟ ਉਮਰ ਵਿੱਚ ਹੀ ਬੇਇਨਸਾਫ਼ੀ ਅਤੇ ਸ਼ੋਸ਼ਣ ਵਿਰੁੱਧ ਆਵਾਜ਼ ਉਠਾ ਕੇ ਜਨਜਾਤੀ ਸਮਾਜ ਵਿੱਚ ਜਾਗਰੂਕਤਾ, ਏਕਤਾ ਅਤੇ ਸੱਭਿਆਚਾਰਕ ਗੌਰਵ ਦੀ ਭਾਵਨਾ ਜਗਾਈ। ਅੱਜ ਦੇਸ਼ ਦੇ ਹਰ ਕਿਸਾਨ, ਆਦਿਵਾਸੀ ਅਤੇ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣ ਵਾਲੇ ਹਰ ਨੌਜਵਾਨ ਦੇ ਅੰਦਰ ਭਗਵਾਨ ਬਿਰਸਾ ਮੁੰਡਾ ਜਿਉਂਦੇ ਹਨ।

ਪ੍ਰਮੁੱਖ ਪਤਵੰਤੇ ਸੱਜਣ ਰਹੇ ਹਾਜ਼ਰ:

ਇਸ ਮੌਕੇ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਮਹਾਰਾਜ, ਕਾਲਕਾ ਦੀ ਵਿਧਾਇਕਾ ਸ੍ਰੀਮਤੀ ਸ਼ਕਤੀ ਰਾਣੀ ਸ਼ਰਮਾ, ਮੇਅਰ ਅਤੇ ਸ੍ਰੀ ਕ੍ਰਿਸ਼ਨ ਕ੍ਰਿਪਾ ਪਰਿਵਾਰ ਪੰਚਕੂਲਾ ਟਰੱਸਟ ਦੇ ਸਰਪ੍ਰਸਤ ਸ੍ਰੀ ਸ਼ਿਆਮ ਲਾਲ ਬਾਂਸਲ, ਹਰਿਆਣਾ ਵਿਧਾਨ ਸਭਾ ਦੇ ਸਾਬਕਾ ਸਪੀਕਰ ਸ੍ਰੀ ਗਿਆਨ ਚੰਦ ਗੁਪਤਾ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅਜੇ ਮਿੱਤਲ, ਹਰਿਆਣਾ ਅਨੁਸੂਚਿਤ ਜਾਤੀ ਕਮਿਸ਼ਨ ਦੀ ਚੇਅਰਪਰਸਨ ਸ੍ਰੀਮਤੀ ਬੰਤੋ ਕਟਾਰੀਆ, ਹਰਿਆਣਾ ਸ਼ਿਵਾਲਿਕ ਵਿਕਾਸ ਬੋਰਡ ਦੇ ਕਾਰਜਕਾਰੀ ਉਪ-ਚੇਅਰਮੈਨ ਸ੍ਰੀ ਓਮ ਪ੍ਰਕਾਸ਼ ਦੇਵੀਨਗਰ, ਸੂਬਾ ਮੀਤ ਪ੍ਰਧਾਨ ਸ੍ਰੀਮਤੀ ਸੁਨੀਤਾ ਦੁੱਗਲ, ਬਾਬਾ ਭੁਪਿੰਦਰ, ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਬੀ.ਬੀ. ਭਾਰਤੀ, ਵਿਸ਼ੇਸ਼ ਸ਼ਿਕਾਇਤ ਨਿਵਾਰਨ ਅਧਿਕਾਰੀ ਸ੍ਰੀ ਭੋਪਾਲ ਸਿੰਘ ਖੱਦਰੀ, ਡਿਪਟੀ ਕਮਿਸ਼ਨਰ ਸ੍ਰੀ ਸਤਪਾਲ ਸ਼ਰਮਾ, ਸ੍ਰੀ ਐਸ.ਪੀ. ਸਿੰਗਲਾ, ਸ੍ਰੀ ਕ੍ਰਿਸ਼ਨ ਕ੍ਰਿਪਾ ਪਰਿਵਾਰ ਪੰਚਕੂਲਾ ਟਰੱਸਟ ਦੇ ਅਹੁਦੇਦਾਰ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਸੈਣੀ ਨੇ ਨੀਲਧਾਰੀ ਗੁਰਦੁਆਰਾ ਪਿਪਲੀ ਸਾਹਿਬ ਵਿਖੇ ਟੇਕਿਆ ਮੱਥਾ, ਸੂਬੇ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਦੀ ਕੀਤੀ ਅਰਦਾਸ

ਚੰਡੀਗੜ੍ਹ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੁਰੂਕਸ਼ੇਤਰ ਦੇ ਪਿਪਲੀ ਸਥਿਤ ਇਤਿਹਾਸਕ ਨੀਲਧਾਰੀ ਗੁਰਦੁਆਰਾ ਪਿਪਲੀ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੇ ਨਾਗਰਿਕਾਂ ਦੀ ਸੁੱਖ-ਸ਼ਾਂਤੀ, ਸਮ੍ਰਿੱਧੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਗੁਰਦੁਆਰਾ ਸਾਹਿਬ ਪਹੁੰਚਣ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਨੇ ਗੁਰਦੁਆਰੇ ਵਿੱਚ ਚੱਲ ਰਹੇ ਧਾਰਮਿਕ ਸਮਾਗਮਾਂ ਵਿੱਚ ਹਿੱਸਾ ਲਿਆ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਗੁਰਦੁਆਰਾ ਪਿਪਲੀ ਸਾਹਿਬ ਦਾ ਇਤਿਹਾਸਕ ਅਤੇ ਧਾਰਮਿਕ ਮਹੱਤਵ ਹੈ। ਇੱਥੇ ਆ ਕੇ ਮਨ ਨੂੰ ਅਥਾਹ ਸ਼ਾਂਤੀ ਮਿਲਦੀ ਹੈ। ਸਿੱਖ ਗੁਰੂਆਂ ਨੇ ਸਾਨੂੰ ਮਨੁੱਖਤਾ, ਸੇਵਾ ਅਤੇ ਭਾਈਚਾਰੇ ਦਾ ਮਾਰਗ ਦਿਖਾਇਆ ਹੈ। ਸੂਬਾ ਸਰਕਾਰ ਵੀ ਇਸੇ ਮਾਰਗ 'ਤੇ ਚੱਲਦਿਆਂ 'ਸਭ ਕਾ ਸਾਥ-ਸਭ ਕਾ ਵਿਕਾਸ' ਦੇ ਮੰਤਰ ਨਾਲ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ।

ਇਸ ਮੌਕੇ ਸੰਸਦ ਮੈਂਬਰ ਨਵੀਨ ਜਿੰਦਲ, ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਚੇਅਰਮੈਨ ਰਵਿੰਦਰ ਸਾਂਗਵਾਨ, ਚੇਅਰਮੈਨ ਗੁਰਨਾਮ ਸਿੰਘ ਸੈਣੀ, ਚੇਅਰਮੈਨ ਸੁਭਾਸ਼ ਕਲਸਾਨਾ, ਚੇਅਰਪਰਸਨ ਕੰਵਲਜੀਤ ਕੌਰ, ਚੇਅਰਪਰਸਨ ਮਾਫੀ ਢਾਂਡਾ, ਗੁਰਦੁਆਰਾ ਕਮੇਟੀ ਦੇ ਸੀਨੀਅਰ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਰਹੀ।

ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਪਿਪਲੀ ਅਨਾਜ ਮੰਡੀ ਦਾ ਕੀਤਾ ਦੌਰਾ, ਝੋਨੇ ਦੀ ਖਰੀਦ ਦੇ ਕੰਮਾਂ ਬਾਰੇ ਲਈ ਜਾਣਕਾਰੀ

ਚੰਡੀਗੜ੍ਹ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਸੂਬੇ ਦੇ ਖੇਤੀਬਾੜੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਸ਼ਨੀਵਾਰ ਨੂੰ ਕੁਰੂਕਸ਼ੇਤਰ ਦੀ ਪਿਪਲੀ ਅਨਾਜ ਮੰਡੀ ਦਾ ਦੌਰਾ ਕੀਤਾ ਅਤੇ ਝੋਨੇ ਦੀ ਖਰੀਦ ਦੇ ਕੰਮਾਂ ਬਾਰੇ ਜਾਣਕਾਰੀ ਲਈ। ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਮੰਡੀ ਵਿੱਚ ਝੋਨੇ ਦੀ ਖਰੀਦ ਅਤੇ ਚੁਕਾਈ ਦੇ ਕੰਮਾਂ ਵਿੱਚ ਮੋਹਰੀ ਰਹਿਣ ਲਈ ਪਿਪਲੀ ਮਾਰਕੀਟ ਕਮੇਟੀ ਦੇ ਸਕੱਤਰ ਗੁਰਮੀਤ ਸੈਣੀ ਅਤੇ ਪਿਪਲੀ ਅਨਾਜ ਮੰਡੀ ਦੇ ਆੜ੍ਹਤੀਆਂ ਤੇ ਮੰਡੀ ਐਸੋਸੀਏਸ਼ਨ ਨੂੰ ਵਧਾਈ ਦਿੱਤੀ। ਖੇਤੀਬਾੜੀ ਮੰਤਰੀ ਨੇ ਮਾਰਕੀਟ ਕਮੇਟੀ ਦੇ ਸਕੱਤਰ ਗੁਰਮੀਤ ਸੈਣੀ ਤੋਂ ਝੋਨੇ ਦੀ ਖਰੀਦ ਦੇ ਕੰਮਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਨੇ ਖੇਤੀਬਾੜੀ ਮੰਤਰੀ ਨੂੰ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੀ ਖਰੀਦ ਦੀ ਅਦਾਇਗੀ ਵੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ 72 ਘੰਟਿਆਂ ਦੇ ਅੰਦਰ ਕਰ ਦਿੱਤੀ ਗਈ ਹੈ। ਪਿਪਲੀ ਮੰਡੀ ਨੇ ਖਰੀਦ ਅਤੇ ਝੋਨੇ ਦੀ ਚੁਕਾਈ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।

ਇਸ ਦੌਰਾਨ ਖੇਤੀਬਾੜੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਕੋਲ ਆੜ੍ਹਤੀਆਂ ਨੇ ਮੰਡੀ ਵਿੱਚ ਸੜ੍ਹਕਾਂ ਅਤੇ ਸੂਰਜਮੁਖੀ ਦੀ ਖਰੀਦ ਕਰਨ ਦੀ ਮੰਗ ਰੱਖੀ। ਇਸ 'ਤੇ ਖੇਤੀਬਾੜੀ ਮੰਤਰੀ ਨੇ ਆੜ੍ਹਤੀਆਂ ਨੂੰ ਭਰੋਸਾ ਦਿਵਾਇਆ ਕਿ ਪਿਪਲੀ ਮੰਡੀ ਵਿੱਚ ਸੜ੍ਹਕਾਂ ਅਤੇ ਸੂਰਜਮੁਖੀ ਦੀ ਖਰੀਦ ਦਾ ਕੰਮ ਵੀ ਸ਼ੁਰੂ ਕੀਤਾ ਜਾਵੇਗਾ। ਇਸ ਦੌਰਾਨ ਆੜ੍ਹਤੀਆਂ ਅਤੇ ਕਿਸਾਨਾਂ ਨੇ ਖੇਤੀਬਾੜੀ ਮੰਤਰੀ ਦੇ ਸਾਹਮਣੇ ਕਿਸਾਨ ਰੈਸਟ ਹਾਊਸ ਬਣਾਉਣ ਦੀ ਮੰਗ ਰੱਖੀ। ਇਸ 'ਤੇ ਖੇਤੀਬਾੜੀ ਮੰਤਰੀ ਨੇ ਸਹਿਮਤੀ ਪ੍ਰਗਟਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਇਸ ਮੰਗ 'ਤੇ ਵੀ ਵਿਚਾਰ ਕਰਕੇ ਇਸ ਨੂੰ ਜ਼ਰੂਰ ਪੂਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਖੇਤੀਬਾੜੀ ਮੰਤਰੀ ਨੇ ਆੜ੍ਹਤੀਆਂ ਅਤੇ ਕਿਸਾਨਾਂ ਦੀਆਂ ਹੋਰ ਮੰਗਾਂ 'ਤੇ ਵੀ ਵਿਚਾਰ ਕੀਤਾ ਅਤੇ ਉਨ੍ਹਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਪਿਪਲੀ ਮਾਰਕੀਟ ਕਮੇਟੀ ਦੇ ਚੇਅਰਮੈਨ ਸਤੀਸ਼ ਕੁਮਾਰ, ਜ਼ਿਲ੍ਹਾ ਅਨਾਜ ਮੰਡੀ ਆੜ੍ਹਤੀ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਧਰਮਪਾਲ ਮਥਾਨਾ, ਮਾਰਕੀਟ ਕਮੇਟੀ ਪਿਪਲੀ ਦੇ ਵਾਈਸ ਚੇਅਰਮੈਨ ਅਮੀਰਚੰਦ ਸਮੇਤ ਹੋਰ ਆੜ੍ਹਤੀ ਮੌਜੂਦ ਸਨ।

ਅਧਿਕਾਰੀਆਂ ਨੂੰ ਸਮੱਸਿਆਵਾਂ ਦਾ ਸਥਾਈ ਹੱਲ ਕਰਨ ਦੇ ਦਿੱਤੇ ਨਿਰਦੇਸ਼, ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਲਾਪਰਵਾਹੀ ਨਾ ਵਰਤਣ ਅਧਿਕਾਰੀ

ਚੰਡੀਗੜ੍ਹ, 16 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੂਬੇ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਸ਼ਨੀਵਾਰ ਨੂੰ ਹਾਂਸੀ ਦੇ ਸਰਕਾਰੀ ਕਾਲਜ ਦੇ ਆਡੀਟੋਰੀਅਮ ਵਿੱਚ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਵਿੱਚ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ, ਜਿਨ੍ਹਾਂ ਵਿੱਚੋਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 7 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਸਿੱਖਿਆ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼